ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 8 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੩ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬੀਆਂ ਲਈ ਖੁਸ਼ਖਬਰੀ ! ਪੰਜਾਬ ਨੂੰ ਮਿਲਣ ਜਾ ਰਿਹਾ ਇੱਕ ਹੋਰ ਏਅਰਪੋਰਟ

**ਲੁਧਿਆਣਾ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਾਲਵਾ ਖੇਤਰ ਦਾ ਦਹਾਕਿਆਂ ਪੁਰਾਣਾ ਸੁਪਨਾ ਹੁਣ ਸਾਕਾਰ ਹੋਣ ਦੇ ਨੇੜੇ ਹੈ। ਲੁਧਿਆਣਾ ਜ਼ਿਲ੍ਹੇ ਦੇ ਐਤਿਆਨਾ ਪਿੰਡ ਵਿਚ 162 ਏਕੜ 'ਚ ਫੈਲਿਆ ਹਲਵਾਰਾ ਇੰਟਰਨੈਸ਼ਨਲ ਏਅਰਪੋਰਟ ਹੁਣ ਉਡਾਣਾਂ ਲਈ ਤਿਆਰ ਹੈ ਅਤੇ ਹੁਣ ਸਿਰਫ਼ ਨਾਗਰਿਕ ਉਡਾਣ ਸੁਰੱਖਿਆ ਏਜੰਸੀ ਦੀ ਅੰਤਿਮ ਮਨਜ਼ੂਰੀ ਦੀ ਉਡੀਕ ਹੈ। ਇਸ ਦੇ ਨਾਲ ਹੀ, ਇਸ ਏਅਰਪੋਰਟ ਦੇ ਉਦਘਾਟਨ ਦੀ ਤਾਰੀਖ਼ ਦਾ ਐਲਾਨ ਵੀ ਜਲਦੀ ਹੋ ਸਕਦਾ ਹੈ। ਜਦੋਂ ਇਹ ਏਅਰਪੋਰਟ ਚਾਲੂ ਹੋਵੇਗਾ, ਤਾਂ ਮਾਲਵਾ ਖੇਤਰ ਦੇ ਵਿਕਾਸ, ਰੋਜ਼ਗਾਰ ਅਤੇ ਵਪਾਰ ਲਈ ਨਵੇਂ ਦਰਵਾਜ਼ੇ ਖੁੱਲਣਗੇ। ਹਲਵਾਰਾ ਏਅਰਪੋਰਟ ਦਾ ਸਿਵਲ ਟਰਮਿਨਲ ਪੂਰੀ ਤਰ੍ਹਾਂ ਤਿਆਰ ਹੈ। ਏਸੀ, ਲਾਈਟਿੰਗ, ਸੁਰੱਖਿਆ ਤੇ ਬੈਗੇਜ ਸਿਸਟਮ ਦੇ ਸਾਰੇ ਟੈਸਟ ਸਫਲ ਰਹੇ ਹਨ। ਇਹ ਟਰਮਿਨਲ ਅੰਤਰਰਾਸ਼ਟਰੀ ਮਿਆਰਾਂ ਅਨੁਸਾਰ ਬਣਾਇਆ ਗਿਆ ਹੈ, ਜਿਸ ਵਿੱਚ ਆਧੁਨਿਕ ਸੁਵਿਧਾਵਾਂ ਤੇ ਵੱਡਾ ਯਾਤਰੀ ਹਾਲ ਹੈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਸਾਰੇ ਤਕਨੀਕੀ ਕੰਮ ਮੁਕੰਮਲ ਹੋ ਚੁੱਕੇ ਹਨ ਅਤੇ ਏਅਰਪੋਰਟ ਕਿਸੇ ਵੀ ਵੇਲੇ ਖੁੱਲ ਸਕਦਾ ਹੈ। ਇਸਦੇ ਸ਼ੁਰੂ ਹੋਣ ਨਾਲ ਲੁਧਿਆਣਾ, ਮੋਗਾ, ਬਠਿੰਡਾ, ਫਰੀਦਕੋਟ ਤੇ ਹੋਰ ਜ਼ਿਲ੍ਹਿਆਂ ਦੇ ਉਦਯੋਗਪਤੀਆਂ ਨੂੰ ਵੱਡਾ ਫਾਇਦਾ ਹੋਵੇਗਾ। ਸ਼ੁਰੂਆਤੀ ਪੜਾਅ 'ਚ ਏਅਰ ਇੰਡੀਆ ਤੇ ਵਿਸਤਾਰਾ ਦੀਆਂ ਉਡਾਣਾਂ ਦਿੱਲੀ-ਹਲਵਾਰਾ ਰੂਟ 'ਤੇ ਚੱਲਣਗੀਆਂ। ਭਵਿੱਖ 'ਚ ਇੱਥੋਂ ਮੁੰਬਈ, ਬੈਂਗਲੁਰੂ ਤੇ ਹੈਦਰਾਬਾਦ ਨਾਲ ਵੀ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਦੀ ਯੋਜਨਾ ਹੈ।

### ਆਟੋਮੈਟਿਕ ਏਅਰ ਟ੍ਰੈਫਿਕ ਕੰਟਰੋਲ ਸਿਸਟਮ 'ਚ ਆਈ ਤਕਨੀਕੀ ਖਰਾਬੀ

# ਦਿੱਲੀ ਏਅਰਪੋਰਟ 'ਤੇ 300 ਤੋਂ ਵੱਧ ਉਡਾਣਾਂ 'ਚ ਦੇਰੀ

**ਨਵੀਂ ਦਿੱਲੀ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸ਼ੁੱਕਰਵਾਰ ਨੂੰ 300 ਤੋਂ ਵੱਧ ਉਡਾਣਾਂ 'ਚ ਦੇਰੀ ਹੋਈ ਹੈ। ਹਵਾਈ ਅੱਡੇ ਦੇ ਏਅਰ ਟ੍ਰੈਫਿਕ ਕੰਟਰੋਲ ਸਿਸਟਮ ਵਿੱਚ ਤਕਨੀਕੀ ਖਰਾਬੀ ਕਾਰਨ ਏਅਰ ਟ੍ਰੈਫਿਕ ਕੰਟਰੋਲਰ ਯਾਨੀ ਏਟੀਸੀ ਨੂੰ ਉਡਾਣ ਦੇ ਸਮਾਂ-ਸਾਰਣੀ ਪ੍ਰਾਪਤ ਕਰਨ ਵਿੱਚ ਮੁਸ਼ਕਲ ਆ ਰਹੀ ਹੈ।




ਦਿੱਲੀ ਹਵਾਈ ਅੱਡੇ 'ਤੇ ਦੇਰੀ ਦਾ ਅਸਰ ਦੂਜੇ ਹਵਾਈ ਅੱਡਿਆਂ 'ਤੇ ਵੀ ਪਿਆ ਹੈ। ਮੀਡੀਆ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਏਟੀਸੀ ਦੇ ਆਟੋਮੈਟਿਕ ਮੈਸੇਜ ਸਵਿੱਚ ਸਿਸਟਮ 'ਚ ਗੜਬੜੀ ਆਈ ਹੈ। ਇਹ ਸਿਸਟਮ ਜਹਾਜ਼ਾਂ ਦੇ ਸਮਾਂ-ਸਾਰਣੀ ਬਾਰੇ ਜਾਣਕਾਰੀ ਪ੍ਰਦਾਨ ਕਰਦਾ ਹੈ, ਜਿਸ ਵਿੱਚ ਟੇਕਆਫ ਅਤੇ ਲੈਂਡਿੰਗ ਸ਼ਾਮਲ ਹੈ। ਏਟੀਸੀ ਅਧਿਕਾਰੀ ਮੌਜੂਦਾ ਡੇਟਾ ਦੇ ਆਧਾਰ 'ਤੇ ਉਡਾਣ ਦੇ ਸਮਾਂ-ਸਾਰਣੀ ਹੱਥੀਂ ਤਿਆਰ ਕਰ ਰਹੇ ਹਨ। ਦਿੱਲੀ ਤੋਂ ਆਉਣ-ਜਾਣ ਵਾਲੀਆਂ ਉਡਾਣਾਂ ਵਿੱਚ ਵੀ ਦੇਰੀ ਹੋਈ ਹੈ। ਦਿੱਲੀ ਹਵਾਈ ਅੱਡਾ ਅਥਾਰਟੀ ਨੇ ਅਜੇ ਤੱਕ ਇਸ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਹੈ ਕਿ ਸਥਿਤੀ ਕਦੋਂ ਆਮ ਵਾਂਗ ਹੋਵੇਗੀ। ਦਿੱਲੀ ਹਵਾਈ ਅੱਡੇ 'ਤੇ ਤਕਨੀਕੀ ਖਰਾਬੀ ਦਾ ਅਸਰ ਚੰਡੀਗੜ੍ਹ ਅਤੇ ਅੰਮ੍ਰਿਤਸਰ ਹਵਾਈ ਅੱਡਿਆਂ 'ਤੇ ਵੀ ਪਿਆ ਹੈ। ਅੰਮ੍ਰਿਤਸਰ ਤੋਂ ਦਿੱਲੀ ਜਾਣ ਵਾਲੀਆਂ 10 ਅਤੇ ਚੰਡੀਗੜ੍ਹ ਤੋਂ ਦਿੱਲੀ ਜਾਣ ਵਾਲੀਆਂ 2 ਉਡਾਣਾਂ ਦੇਰੀ ਨਾਲ ਚੱਲੀਆਂ। ਚੰਡੀਗੜ੍ਹ-ਮੁੰਬਈ ਦੀ ਇੱਕ ਉਡਾਣ ਦੇ ਯਾਤਰੀ ਇੱਕ ਘੰਟੇ ਤੋਂ ਵੱਧ ਸਮੇਂ ਲਈ ਰੁਕੇ ਰਹੇ। ਉਡਾਣ ਦੇ ਟੇਕਆਫ ਵਿੱਚ ਦੇਰੀ ਹੋਈ। ਦੱਸ ਦੇਈਏ ਕਿ ਸ਼ੁੱਕਰਵਾਰ ਸਵੇਰੇ ਦਿੱਲੀ ਹਵਾਈ ਅੱਡੇ 'ਤੇ ਏਅਰ ਟ੍ਰੈਫਿਕ ਕੰਟਰੋਲ (1" 3) ਸਿਸਟਮ ਵਿੱਚ ਇੱਕ ਤਕਨੀਕੀ ਖਰਾਬੀ ਆਈ। ਕੁਝ ਮਿੰਟਾਂ ਵਿੱਚ ਹੀ ਲਗਭਗ 200 ਉਡਾਣਾਂ ਪ੍ਰਭਾਵਿਤ ਹੋ ਗਈਆਂ। ਬਹੁਤ ਸਾਰੇ ਜਹਾਜ਼ ਰਨਵੇਅ 'ਤੇ ਫਸੇ ਰਹੇ ਅਤੇ ਸੈਂਕੜੇ ਯਾਤਰੀ ਘੰਟਿਆਂ ਤੱਕ ਟਰਮੀਨਲ 'ਤੇ ਫਸੇ ਰਹੇ। ਏਅਰ ਇੰਡੀਆ ਅਤੇ ਇੰਡੀਗੋ ਨੇ ਐਡਵਾਈਜ਼ਰੀ ਜਾਰੀ ਕਰਕੇ ਕਿਹਾ ਕਿ ਦਿੱਲੀ ਜਾਣ ਵਾਲੇ ਯਾਤਰੀ ਫ਼ਲਾਈਟ ਫੜਨ ਤੋਂ ਪਹਿਲਾਂ ਸਮੇਂ ਨੂੰ ਲੈ ਕੇ ਪਤਾ ਕਰ ਲੈਣ। ਵਰਤਮਾਨ ਵਿੱਚ ਬਹੁਤ ਸਾਰੀਆਂ ਉਡਾਣਾਂ ਦੋ ਤੋਂ ਚਾਰ ਘੰਟੇ ਦੇਰੀ ਨਾਲ ਚੱਲ ਰਹੀਆਂ ਹਨ।

## ਹੁਸ਼ਿਆਰਪੁਰ 'ਚ ਸ਼ਿਵ ਸੈਨਾ ਆਗੂ 'ਤੇ ਹਮਲਾ, ਇਕ ਦੀ ਮੌਤ

**ਹੁਸ਼ਿਆਰਪੁਰ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਸ਼ਹਿਰ ਦੇ ਨਾਰਾਇਣ ਨਗਰ ਇਲਾਕੇ 'ਚ ਉਸ ਸਮੇਂ ਦਹਿਸ਼ਤ ਫੈਲ ਗਈ ਜਦੋਂ ਸ਼ਿਵ ਸੈਨਾ ਹਿੰਦੁਸਤਾਨੀ ਦੇ ਉੱਪ ਪ੍ਰਧਾਨ ਰਜਿੰਦਰ ਰਾਣਾ 'ਤੇ ਇਕ ਕਾਰ ਵਿੱਚ ਸਵਾਰ ਲੋਕਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਅਤੇ ਉਹ ਭੱਜ ਕੇ ਫਰਾਰ ਹੋ ਗਿਆ। ਘਟਨਾ ਸੀ. ਸੀ. ਟੀ. ਵੀ. ਵਿਚ ਕੈਦ ਹੋ ਗਈ ਹੈ। ਘਟਨਾ ਦੌਰਾਨ ਗੋਲ਼ੀਆਂ ਵੀ ਚਲਾਈਆਂ ਗਈਆਂ ਹਨ, ਜਿਸ ਕਾਰਨ ਇਕ ਨੌਜਵਾਨ ਜ਼ਖ਼ਮੀ ਹੋ ਗਿਆ। ਹਾਲਾਂਕਿ ਪੁਲਸ ਨੇ ਅਜੇ ਤੱਕ ਇਸ ਬਾਰੇ ਸਪੱਸ਼ਟ ਨਹੀਂ ਕੀਤਾ ਹੈ। ਜਾਣਕਾਰੀ ਮੁਤਾਬਕ ਪੁਰਾਣੀ ਰੰਜਿਸ਼ ਅਤੇ ਝਗੜੇ ਦੇ ਚਲਦਿਆਂ ਪੁਰਾਣੇ ਕੇਸ ਵਿਚ ਦੋ ਧਿਰਾਂ ਦੀ ਅਦਾਲਤ ਵਿੱਚ ਪੇਸ਼ੀ ਸੀ। ਪੇਸ਼ੀ ਦੌਰਾਨ ਇਕ ਧਿਰ ਨੇ ਦੂਜੀ ਧਿਰ 'ਤੇ ਹਮਲਾ ਕੀਤਾ ਅਤੇ ਇਕ ਨੌਜਵਾਨ ਨੂੰ ਬੁਰੀ ਤਰ੍ਹਾਂ ਕੁੱਟਿਆ। ਇਸ ਤੋਂ ਬਾਅਦ ਦੂਜੀ ਧਿਰ ਨੇ ਸ਼ਾਮ 5:30 ਵਜੇ ਦੇ ਕਰੀਬ ਨਾਰਾਇਣ ਨਗਰ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਨੇਤਾ ਰਜਿੰਦਰ ਰਾਣਾ ਅਤੇ ਉਸ ਦੇ ਪਰਿਵਾਰ ਨੂੰ ਘੇਰ ਲਿਆ ਅਤੇ ਉਨ੍ਹਾਂ ਦੀ ਕਾਰ 'ਤੇ ਹਮਲਾ ਕਰ ਦਿੱਤਾ। ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਵਿੱਚ ਕੈਦ ਹੋ ਗਈ ਸੀ, ਜਿਸ ਵਿੱਚ ਨੌਜਵਾਨ ਇਕ ਸਫਾਰੀ ਕਾਰ ਵਿੱਚੋਂ ਉਤਰਦੇ ਹੋਏ ਅਤੇ ਨੇੜੇ ਖੜ੍ਹੀ ਕਾਰ ਵਿੱਚ ਸਵਾਰਾਂ 'ਤੇ ਹਮਲਾ ਕਰਦੇ ਵਿਖਾਈ ਦੇ ਰਹੇ ਸਨ। ਬਚਣ ਲਈ ਡਰਾਈਵਰ ਨੇ ਕਾਰ ਨੂੰ ਤੇਜ਼ੀ ਨਾਲ ਭਜਾਇਆ ਅਤੇ ਸੂਰਜ ਨਗਰ ਪੁਰਾਣੀ ਕਾਲੋਨੀ ਵੱਲ ਚਲਾ ਗਿਆ। ਹਮਲਾਵਰਾਂ ਨੇ ਉਨ੍ਹਾਂ ਦਾ ਪਿੱਛਾ ਕੀਤਾ। ਕਾਰ ਇੰਨੀ ਤੇਜ਼ ਚੱਲ ਰਹੀ ਸੀ ਕਿ ਇਹ ਪਹਿਲਾਂ ਇਕ ਇੱਟਾਂ ਦੀ ਕੰਧ ਨਾਲ ਟਕਰਾ ਗਈ ਅਤੇ ਫਿਰ ਬੈਂਕ ਕਾਲੋਨੀ ਦੀ ਇਕ ਬਜ਼ੁਰਗ ਔਰਤ ਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਮਹਿਲਾ ਦੀ ਮੌਕੇ 'ਤੇ ਹੀ ਮੌਤ ਹੋ ਗਈ। ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਸੀ ਅਤੇ ਚਲਾਉਣ ਦੀ ਹਾਲਤ ਵਿੱਚ ਸੀ ਅਤੇ ਕਾਰ ਸਵਾਰ ਕਾਰ ਨੂੰ ਉਥੇ ਹੀ ਛੱਡ ਕੇ ਮੌਕੇ ਤੋਂ ਭੱਜ ਗਏ। ਦੱਸਿਆ ਜਾ ਰਿਹਾ ਹੈ ਕਿ ਕਾਰ ਵਿੱਚ ਸਵਾਰ ਇੱਕ ਨੌਜਵਾਨ ਨੂੰ ਗੋਲ਼ੀ ਮਾਰ ਦਿੱਤੀ ਗਈ ਸੀ ਅਤੇ ਉਹ ਨੇੜੇ ਹੀ ਕਿਤੇ ਲੁਕ ਗਿਆ ਸੀ ਅਤੇ ਪੁਲਿਸ ਨੇ ਉਸ ਨੂੰ ਲੱਭਣ ਲਈ ਭਾਲ ਸ਼ੁਰੂ ਕਰ ਦਿੱਤੀ ਹੈ। ਪਿੱਛਾ ਕਰ ਰਹੀ ਹਮਲਾਵਰਾਂ ਦੀ ਗੱਡੀ ਵੀ ਮੌਕੇ ਤੋਂ ਫਰਾਰ ਹੋ ਗਈ। ਮ੍ਰਿਤਕਾ ਦੀ ਪਛਾਣ ਜੀਵਨ ਲਤਾ (70) ਵਾਸੀ ਬੈਂਕ ਕਾਲੋਨੀ ਦੇ ਰੂਪ ਵਿਚ ਹੋਈ ਹੈ। ਸੂਚਨਾ ਮਿਲਣ ਤੋਂ ਤੁਰੰਤ ਬਾਅਦ ਪੁਲਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।

## ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ ਸੁਣਵਾਈ 10 ਨਵੰਬਰ ਤੱਕ ਮੁਲਤਵੀ

**ਚੰਡੀਗੜ੍ਹ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ ਅੱਜ ਹਾਈਕੋਰਟ ਵਿਚ ਸੁਣਵਾਈ ਹੋਈ ਹੈ। ਬਿਕਰਮ ਸਿੰਘ ਮਜੀਠੀਆ ਨੂੰ ਅੱਜ ਹਾਈ ਕੋਰਟ ਤੋਂ ਫਿਲਹਾਲ ਕੋਈ ਰਾਹਤ ਨਹੀਂ ਮਿਲੀ ਹੈ। ਪੰਜਾਬ-ਹਰਿਆਣਾ ਹਾਈ ਕੋਰਟ ਨੇ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ ਸੁਣਵਾਈ 10 ਨਵੰਬਰ ਯਾਨੀ ਸੋਮਵਾਰ ਤੱਕ ਮੁਲਤਵੀ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ 10 ਨਵੰਬਰ ਨੂੰ ਕੋਈ ਫ਼ੈਸਲਾ ਆ ਸਕਦਾ ਹੈ। ਫ਼ਿਲਹਾਲ ਬਿਕਰਮ ਸਿੰਘ ਮਜੀਠੀਆ ਨਾਭਾ ਜੇਲ੍ਹ ਵਿਚ ਬੰਦ ਹਨ। ਉਨ੍ਹਾਂ ਦੀ ਗ੍ਰਿਫ਼ਤਾਰੀ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿਚ ਕੀਤੀ ਗਈ ਸੀ। ਦੱਸ ਦਈਏ ਕਿ ਇਸ ਤੋਂ ਪਹਿਲਾਂ ਬਿਕਰਮ ਸਿੰਘ ਮਜੀਠੀਆ ਨੇ ਜਨਵਰੀ 2022 'ਚ ਮਜੀਠਾ ਪੁਲਿਸ ਸਟੇਸ਼ਨ ਵਿਚ ਦਰਜ ਇਕ ਮਾਮਲੇ 'ਚ ਅਗਾਊਂ ਜ਼ਮਾਨਤ ਦੀ ਮੰਗ ਕੀਤੀ ਸੀ। ਹਾਲਾਂਕਿ ਹਾਈ ਕੋਰਟ ਨੇ ਉਹ ਪਟੀਸ਼ਨ ਖਾਰਜ ਕਰ ਦਿੱਤੀ।



## ਪੰਜਾਬ ਐਸਸੀ ਕਮਿਸ਼ਨ ਵੱਲੋਂ ਪ੍ਰਤਾਪ ਸਿੰਘ ਬਾਜਵਾ ਨੂੰ ਨੋਟਿਸ ਜਾਰੀ , 10 ਨਵੰਬਰ ਨੂੰ ਪੇਸ਼ ਹੋਣ ਦੇ ਹੁਕਮ

**ਚੰਡੀਗੜ੍ਹ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨ ਤਾਰਨ ਉਪ ਚੋਣ ਦੌਰਾਨ ਇੱਕ ਰੈਲੀ ਵਿੱਚ ਭਾਈ ਜੈਤਾ ਜੀ ਦੀ ਫੋਟੋ ਦੇ ਉੱਪਰ ਕਾਂਗਰਸੀ ਆਗੂਆਂ ਦੀਆਂ ਫੋਟੋਆਂ ਲਗਾਉਣ ਨੂੰ ਲੈ ਕੇ ਵਿਵਾਦ ਹੋਰ ਗਹਿਰਾਉਂਦਾ ਜਾ ਰਿਹਾ ਹੈ। ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਇਸ ਮਾਮਲੇ ਵਿੱਚ ਕਾਂਗਰਸ ਪਾਰਟੀ ਨੂੰ ਇੱਕ ਹੋਰ ਨੋਟਿਸ ਜਾਰੀ ਕੀਤਾ ਹੈ। ਕਮਿਸ਼ਨ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ 10 ਨਵੰਬਰ ਨੂੰ ਅਤੇ ਤਰਨ ਤਾਰਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ 17 ਨਵੰਬਰ ਨੂੰ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਇਸ ਮਾਮਲੇ ਵਿੱਚ ਕਮਿਸ਼ਨ ਦਾ ਇਹ ਦੂਜਾ ਨੋਟਿਸ ਹੈ। ਪਹਿਲਾਂ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਐਸਸੀ ਕਮਿਸ਼ਨ ਨੇ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਐਕਟ, 2004 ਦੀ ਧਾਰਾ 10(2)(ਐਚ) ਦੇ ਤਹਿਤ ਮਾਮਲੇ ਦੀ ਖੁਦ ਜਾਂਚ ਸ਼ੁਰੂ ਕਰ ਦਿੱਤੀ ਹੈ। ਕਮਿਸ਼ਨ ਨੇ ਕਿਹਾ ਕਿ ਭਾਈ ਜੀਵਨ ਸਿੰਘ (ਭਾਈ ਜੈਤਾ) ਅਤੇ 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਦੀਆਂ ਤਸਵੀਰ ਦੀ ਰਾਜਨੀਤਿਕ ਲਾਭ ਲਈ ਅਪਮਾਨਜਨਕ ਵਰਤੋਂ ਸੰਬੰਧੀ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਇਸ ਦੇ ਆਧਾਰ 'ਤੇ ਦੋਵਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ।

## ਸ਼੍ਰੋਮਣੀ ਅਕਾਲੀ ਦਲ ਦੇ ਡੈਲੀਗੇਸ਼ਨ ਵੱਲੋਂ ਪੰਜਾਬ ਦੇ ਮੁੱਖ ਚੋਣ ਅਫ਼ਸਰ ਨਾਲ ਕੀਤੀ ਗਈ ਮੁਲਾਕਾਤ



**ਤਰਨ-ਤਾਰਨ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਤੇ ਵਰਕਰਾਂ ਨੂੰ ਵੱਖ -ਵੱਖ ਜ਼ਿਲ੍ਹਿਆਂ ਦੀ ਪੁਲਿਸ ਵੱਲੋਂ ਜ਼ਬਰੀ ਗ੍ਰਿਫਤਾਰ ਕੀਤੇ ਜਾਣ 'ਤੇ ਜਿੱਥੇ ਪਾਰਟੀ ਵੱਲੋਂ ਤਰਨਤਾਰਨ ਦਾਣਾ ਮੰਡੀ ਵਿਖੇ ਵੱਡਾ ਧਰਨਾ ਲਾਇਆ ਗਿਆ, ਉੱਥੇ ਹੀ ਅੱਜ ਇੱਕ ਵਾਰ ਫ਼ਿਰ ਸ਼੍ਰੋਮਣੀ ਅਕਾਲੀ ਦਲ ਦੇ ਡੈਲੀਗੇਸ਼ਨ ਵੱਲੋਂ ਪੰਜਾਬ ਦੇ ਮੁੱਖ ਚੋਣ ਅਫ਼ਸਰ ਨਾਲ ਮੁਲਾਕਾਤ ਕੀਤੀ ਗਈ ਹੈ। ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਦੀ ਅਗਵਾਈ 'ਚ ਲੀਗਲ ਵਿੰਗ ਵੱਲੋਂ ਪੰਜਾਬ ਦੇ ਚੋਣ ਕਮਿਸ਼ਨ ਨੂੰ ਮੰਗ ਪੱਤਰ ਦਿੱਤਾ ਗਿਆ ਹੈ। ਉਨ੍ਹਾਂ ਵੱਲੋਂ ਤਰਨਤਾਰਨ ਦੀ SSP ਰਵਜੋਤ ਗਰੇਵਾਲ ਨੂੰ ਤਰਨ ਤਾਰਨ ਤੋਂ ਬਦਲਣ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ ਹੈ। ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਨੇ ਕਿਹਾ ਕਿ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਕੇ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਪ੍ਰਭਾਵਿਤ ਕੀਤੀਆਂ ਜਾ ਰਹੀਆਂ ਹਨ। ਅਰਸ਼ਦੀਪ ਸਿੰਘ ਕਲੇਰ ਨੇ ਆਰੋਪ ਲਗਾਇਆ ਹੈ ਕਿ ਹਲਕਾ ਤਰਨ ਤਾਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਅਤੇ ਉਨ੍ਹਾਂ ਦੀ ਬੇਟੀ ਕੰਚਨਪ੍ਰੀਤ ਕੌਰ ਦੀ ਰੇਕੀ ਕੀਤੀ ਜਾ ਰਹੀ ਹੈ। ਕੁੱਝ ਦਿਨ ਪਹਿਲਾਂ ਵੀ ਦੋ ਪੁਲਿਸ ਅਫਸਰਾਂ ਨੂੰ ਬਿਨਾਂ ਵਰਦੀ ਤੋਂ ਕੰਚਨਪ੍ਰੀਤ ਕੌਰ ਦਾ ਪਿੱਛਾ ਕਰਦੇ ਹੋਏ ਫੜਿਆ ਗਿਆ ,ਜੋ ਕਿ ਆਪਣੇ ਆਪ ਨੂੰ ਸੀਆਈਏ ਤੋਂ ਦੱਸਦੇ ਸਨ। ਅਰਸ਼ਦੀਪ ਸਿੰਘ ਕਲੇਰ ਦਾ ਕਹਿਣਾ ਹੈ ਕਿ ਮੁੱਖ ਚੋਣ ਅਫਸਰ ਨੇ ਸਾਨੂੰ ਭਰੋਸਾ ਦਵਾਇਆ ਹੈ ਕਿ ਤੁਰੰਤ ਕਾਰਵਾਈ ਕੀਤੀ ਜਾਵੇਗੀ।

## "ਪੰਜਾਬ ਯੂਨੀਵਰਸਿਟੀ ਬਚਾਓ" ਮੋਰਚੇ 'ਚ ਸ਼ਾਮਲ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਕਿਹਾ - 10 ਨੂੰ ਇਕੱਠ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

**ਚੰਡੀਗੜ੍ਹ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀਆਂ ਵੱਲੋਂ ਚੱਲ ਰਹੇ 'ਪੰਜਾਬ ਯੂਨੀਵਰਸਿਟੀ ਬਚਾਓ' ਮੋਰਚੇ ਵਿਚ ਸ਼ਾਮਲ ਹੋਏ ਅਤੇ ਉਨ੍ਹਾਂ 10 ਨਵੰਬਰ ਨੂੰ ਮੋਰਚੇ ਵੱਲੋਂ ਕੀਤੇ ਜਾ ਰਹੇ ਇਕੱਠ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸਾਡੀ ਉਹ ਵਿਰਾਸਤ ਹੈ, ਜਿਸ ਨੇ ਸੱਭਿਆਚਾਰ ਅਤੇ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਵੱਡੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਸ ਯੂਨੀਵਰਸਿਟੀ ਦੀ ਇਹ ਖਾਸੀਅਤ ਰਹੀ ਹੈ ਕਿ ਇਸ ਦੇ ਸੈਨੇਟ ਅਤੇ ਸਿੰਡੀਕੇਟ ਵੱਖ-ਵੱਖ ਖੇਤਰਾਂ ਵਿੱਚੋਂ ਲੋਕਤੰਤਰਿਕ ਪ੍ਰਕਿਰਿਆ ਨਾਲ ਚੁਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੁਕਵੇਂ ਤਰੀਕੇ ਨਾਲ ਇਸ ਦੀਆਂ ਪ੍ਰੰਪਰਾਵਾਂ ਨੂੰ ਖ਼ਤਮ ਕਰਕੇ ਇਸ ਨੂੰ ਪੂਰੀ ਤਰ੍ਹਾਂ ਆਪਣੇ ਅਧੀਨ ਕਰਨਾ ਚਾਹੁੰਦੀ ਹੈ, ਜੋ ਪੰਜਾਬ ਬੇਇਨਸਾਫ਼ੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪੰਜਾਬ ਦੇ ਹੱਕਾਂ ਹਿੱਤਾਂ ਦੀ ਤਰਜ਼ਮਾਨੀ ਕਰਦੀ ਰਹੇਗੀ ਅਤੇ ਸੰਘਰਸ਼ ਵਿਚ ਹਰ ਪੱਧਰ 'ਤੇ ਸਹਿਯੋਗ ਵੀ ਕਰੇਗੀ। ਉਨ੍ਹਾਂ ਕਿਹਾ ਕਿ 10 ਨਵੰਬਰ ਦੇ ਇਕੱਠ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ, ਉਥੇ ਹੀ ਲੋੜੀਂਦੇ ਪ੍ਰਬੰਧ ਵੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਹੱਕਾਂ ਦਾ ਮਾਮਲਾ ਹੈ, ਜਿਸ ਪ੍ਰਤੀ ਹਰ ਪੰਜਾਬੀ ਤੇ ਸੰਸਥਾ ਦੀ ਜ਼ੁੰਮੇਵਾਰੀ ਹੈ ਕਿ ਉਹ ਇਸ ਸੰਘਰਸ਼ ਵਿਚ ਸ਼ਾਮਲ ਹੋਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਬੀਤੇ ਦਿਨੀਂ ਆਪਣੇ ਜਨਰਲ ਇਜਲਾਸ ਵਿਚ ਵੀ ਸਰਕਾਰ ਦੀ ਇਸ ਬੇਇਨਸਾਫ਼ੀ ਖ਼ਿਲਾਫ਼ ਮਤਾ ਪਾਸ ਕਰਦਿਆਂ ਅਜਿਹੀਆਂ ਕਾਰਵਾਈਆਂ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜਥੇਬੰਦੀਆਂ ਇਸ ਹੋ ਰਹੀ ਬੇਇਨਸਾਫ਼ੀ ਦੇ ਖਿਲਾਫ਼ ਸੰਘਰਸ਼ ਕਰ ਰਹੀਆਂ ਹਨ, ਜਿਸ ਦੀ ਉਹ ਪੂਰਨ ਤੌਰ 'ਤੇ ਹਮਾਇਤ ਕਰਦੇ ਹਨ ਅਤੇ ਕਰਦੇ ਰਹਿਣਗੇ। ਐਡਵੋਕੇਟ ਧਾਮੀ ਨੇ ਪੰਜਾਬ ਦੇ ਲੋਕਾਂ ਅਤੇ ਸਿਆਸੀ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਵਿਰਾਸਤ ਨੂੰ ਬਚਾਉਣ ਲਈ ਅੱਗੇ ਆਉਣ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦਾ ਹਿੱਸਾ ਬਣਨ।



## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ**

**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM International Newspaper & WEB TV


--★ ਜਾਰੀ ਕਰਤਾ ★--

## ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



## ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ। ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







# ਗੁਰਮਤਿ ਸਮਾਗਮ

**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**

**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
Law St
Night Pharmacy
Ladlee Direct
Clothing store
HSBC
Chai Paani
Vegetarian
Ross Walk Launderette
Shiva Shakti Foods
Buller Rd
Roopkala Beauty Salon
Cossington Recreation ground
Heena Tailor
Clothing store
Hyderabad Wala - Leicester
Indian
A607
Belgrave Neighbourhood Centre
Kensington St
Belgrave Health Centre
Health Centre Car Park
Westbourne St
Milans
Department store
Dorset St
Brandon Street Surgery
Shiv Sagar Veg
Punjabi Tarka
Fast Food
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ
ਲੱਖ-ਲੱਖ ਵਧਾਈਆਂ

# Guru Nanak Gurdwara Cultural & Recreational Centre, Preston



ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

## ਧਾਰਮਿਕ ਸਮਾਗਮ

ਸ਼ੁੱਕਰਵਾਰ 7 ਨਵੰਬਰ ਤੋਂ ਐਤਵਾਰ 9 ਨਵੰਬਰ 2025 ਤੱਕ

**2–20 Tunbridge Street, Preston, Lancashire PR1 5YP**

**ਗੁਰੂ ਪਿਆਰੀ ਸਾਧ ਸੰਗਤ ਜੀਓ**
**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖ ਧਰਮ ਦੇ ਪਹਿਲੇ ਗੁਰੂ ਹੋਏ ਹਨ। ਗੁਰੂ ਜੀ ਨੇ ਮਨੁੱਖਤਾ ਨੂੰ ਪ੍ਰੇਰਿਤ ਕੀਤਾ ਹੈ ਕਿ —ਨਾਮ ਜਪੋ, ਵੰਡ ਛਕੋ ਅਤੇ ਕਿਰਤ ਕਰੋ। ਇਨ੍ਹਾਂ ਉਪਦੇਸ਼ਾਂ ਉੱਤੇ ਚਲਦਿਆਂ ਸਿੱਖ ਕੌਮ ਅੱਜ ਵੀ ਦੁਨੀਆ ਭਰ ਵਿੱਚ ਆਪਣੇ ਗੁਰੂਆਂ ਦਾ ਨਾਮ ਰੋਸ਼ਨ ਕਰ ਰਹੀ ਹੈ। ਇਸ ਪਵਿੱਤਰ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਗੁਰੂ ਨਾਨਕ ਗੁਰਦੁਆਰਾ ਕਲਚਰਲ ਐਂਡ ਰਿਕਰੇਸ਼ਨਲ ਸੈਂਟਰ, ਪ੍ਰੈਸਟਨ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ। ਆਪ ਸਭ ਸੰਗਤਾਂ ਨੂੰ ਸਨਮਾਨ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਰੌਣਕਾਂ ਵਧਾਓ ਅਤੇ ਸਤਿਗੁਰੂ ਦੀਆਂ ਅਸੀਸਾਂ ਪ੍ਰਾਪਤ ਕਰੋ ਜੀ।

### ਪ੍ਰੋਗਰਾਮ:

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਆਰੰਭ:**
ਸ਼ੁਕਰਵਾਰ, 7 ਨਵੰਬਰ 2025 - ਸਵੇਰੇ 10:30 ਵਜੇ
**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ:**
ਐਤਵਾਰ, 9 ਨਵੰਬਰ 2025 -
**ਸਵੇਰੇ 10:30 ਵਜੇ ਕੀਰਤਨ ਦਰਬਾਰ:**
11:00 ਤੋਂ 12:00 ਵਜੇ ਤੱਕ -
**ਗੁਰੂ ਘਰ ਦਾ ਹਜ਼ੂਰੀ ਜਥਾ**
12:00 ਤੋਂ 1:30 ਵਜੇ ਤੱਕ - ਭਾਈ ਗੁਰਜੀਤ ਸਿੰਘ ਕਵੈਂਟਰੀ ਵਾਲਿਆਂ ਦਾ ਕੀਰਤਨੀ ਜਥਾ
**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

**07958 683500**
**07424 247602**
**info.gngpreston@gmail.com**
**Charity No. 1138835**

**ਨੋਟ:**
ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਪਤ ਪਰਿਵਾਰਾਂ ਵੱਲੋਂ ਹੋਵੇਗੀ।

# ਹਲਕਾ ਤਰਨਤਾਰਨ ਦੇ ਸਮੂਹ ਵੋਟਰਾਂ ਨੂੰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਪੁਰਜ਼ੋਰ ਅਪੀਲ ✶ ਭਾਈ ਮਨਦੀਪ ਸਿੰਘ ਨੂੰ ਜਿਤਾਓ-ਪੰਜਾਬ ਨੂੰ ਬਚਾਓ



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਿਤ ਸਮਾਗਮ

☛ ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ। ☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 11:00 ਵਜੇ ਹੋਵੇਗੀ ਅਤੇ ਐਤਵਾਰ 11:00 ਵਜੇ ਸੰਪੂਰਨ ਭੋਗ ਪੈਣਗੇ ☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਗੁਰ ਸਿੱਖ ਭਾਈ ਇੰਦਰਜੀਤ ਸਿੰਘ ਉਰਫ ਸਾਬੀ ਦੇ ਸਮੂਹ ਪ੍ਰਵਾਰ ਵੱਲੋਂ ਸੇਵਾ ਲਈ ਗਈ ਹੈ।

**ਸ਼ਨਿੱਚਰਵਾਰ 8 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 9 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:45 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਮਨਕਿਰਨ ਕੌਰ ਇਟਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਸਟਾਲ ਵੀ ਲੱਗਣਗੇ, ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।


★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਭੋਗ ਤੇ ਅਰਦਾਸ ਸਮਾਗਮ



ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 20ਵੀਂ ਸਦੀ ਦੇ ਮਹਾਨ ਸਿੱਖ ਯੋਧੇ, ਕਥਨੀ-ਕਰਨੀ ਦੇ ਪੂਰੇ, ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਰਾਤਾ ਅਤੇ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਦੇ ਸਪੁੱਤਰ

## ਕੈਪਟਨ ਹਰਚਰਨ ਸਿੰਘ ਰੋਡੇ

ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਮਿਤੀ 1 ਨਵੰਬਰ 2025 ਦਿਨ ਸ਼ਨਿੱਚਰਵਾਰ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨ੍ਹਾਂ ਦੇ ਨਮਿੱਤ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅਰਦਾਸ ਸਮਾਗਮ

## ਮਿਤੀ 10 ਨਵੰਬਰ 2025, ਦਿਨ ਸੋਮਵਾਰ ਨੂੰ

**ਸਮਾਂ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ**

**ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ, ਜ਼ਿਲ੍ਹਾ ਮੋਗਾ ਵਿਖੇ ਹੋਵੇਗਾ**

ਅਰਦਾਸ ਸਮਾਗਮ ਵਿੱਚ ਆਪ ਸਭ ਨੂੰ ਪਹੁੰਚਣ ਲਈ ਸਨਿਮਰ ਬੇਨਤੀ ਕੀਤੀ ਜਾਂਦੀ ਹੈ।

ਬੇਨਤੀ ਕਰਤਾ :

ਆਵਾਜ਼ਿ ਕੌਮ AWAZE QAUM International Newspaper & WEB TV

## ਸਮੂਹ ਬਾਬਾ ਪਰਿਵਾਰ

ਸੰਪਰਕ : 97815-52538, 98140-29018

ਚੜ੍ਹਦੀਕਲਾ ਵੈਲਫੇਅਰ ਕਲੱਬ ਜਗਾ ਰਾਮ ਤੀਰਥ ਵੱਲੋਂ

# ਪ੍ਰਕਾਸ਼ ਪੁਰਬ ਮੌਕੇ ਦਸਤਾਰ ਮੁਕਾਬਲੇ ਕਰਵਾਏ




**ਤਲਵੰਡੀ ਸਾਬੋ, 07 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਨਜ਼ਦੀਕੀ ਪਿੰਡ ਜਗਾ ਰਾਮ ਤੀਰਥ ਦੇ ਗੁਰਦੁਆਰਾ ਥੰਮ ਸਾਹਿਬ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਉਂਦਿਆਂ ਚੜ੍ਹਦੀਕਲਾ ਵੈਲਫੇਅਰ ਕਲੱਬ ਵੱਲੋਂ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਬੱਚਿਆਂ ਨੌਜਵਾਨਾਂ ਨੇ ਵਧ ਚੜ੍ਹ ਕੇ ਸ਼ਮੂਲੀਅਤ ਕੀਤੀ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੜ੍ਹਦੀਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਨੇ ਦੱਸਿਆ ਕਿ ਕੇਸਾਂ ਅਤੇ ਦਸਤਾਰਾਂ ਦੀ ਘਟਦੀ ਜਾ ਰਹੀ ਸੰਭਾਲ ਨੂੰ ਪ੍ਰਫੁੱਲਤ ਕਰਨ ਲਈ ਕਲੱਬ ਸਮੇਂ-ਸਮੇਂ 'ਤੇ ਅਜਿਹੇ ਕਾਰਜ ਕੀਤੇ ਜਾ ਰਹੇ ਹਨ, ਇਸੇ ਸੰਦਰਭ ਦੇ ਵਿੱਚ ਅੱਜ ਜਿਥੇ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਦਿਹਾੜੇ ਮਨਾਏ ਹਨ ਉਥੇ ਕਲੱਬ ਵਲੋਂ ਇਹ ਮੁਕਾਬਲੇ ਕਰਵਾ ਕੇ ਨੌਜਵਾਨਾਂ ਨੂੰ ਦਸਤਾਰ, ਸਿੱਖੀ ਬਾਰੇ ਜਾਗ੍ਰਿਤ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਅੱਜ ਦੇ ਸਮਾਗਮ ਵਿੱਚ ਮੁੱਖ ਮਹਿਮਾਨ ਡਾ. ਜਵਾਹਰ ਸਿੰਘ ਅਤੇ ਦਸਤਾਰ ਕੋਚ ਲਖਵੀਰ ਸਿੰਘ ਨੱਤ ਵਿਸ਼ੇਸ਼ ਤੌਰ 'ਤੇ ਪਹੁੰਚੇ। ਸੁੰਦਰ ਦਸਤਾਰ ਮੁਕਾਬਲੇ ਵਿਚ ਵੱਡੇ ਬੱਚਿਆਂ ਨੇ ਪਹਿਲਾ ਸਥਾਨ ਰਣਵੀਰ ਸਿੰਘ, ਦੂਜਾ ਸਥਾਨ ਰਾਜਾ ਸਿੰਘ ਅਤੇ ਤੀਸਰਾ ਸਥਾਨ ਜਗਸੀਰ ਸਿੰਘ ਨੇ ਪ੍ਰਾਪਤ ਕੀਤਾ। ਛੋਟੇ ਬੱਚਿਆਂ ਵਿਚ ਪਹਿਲਾ ਸਥਾਨ ਨਵਚੇਤਨ ਸਿੰਘ, ਦੂਜਾ ਸਥਾਨ ਗੁਰਪਿੰਦਰ ਸਿੰਘ ਅਤੇ ਤੀਸਰਾ ਸਥਾਨ ਕਰਨਵੀਰ ਸਿੰਘ ਨੇ ਹਾਸਲ ਕੀਤਾ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਕਲੱਬ ਵੱਲੋਂ ਵਿਸ਼ੇਸ਼ ਸਨਮਾਨਿਤ ਕੀਤਾ ਗਿਆ ਅਤੇ ਡਾ. ਜਵਾਹਰ ਸਿੰਘ ਅਤੇ ਕੋਚ ਲਖਵੀਰ ਸਿੰਘ ਨੱਤ ਨੂੰ ਵੀ ਵਿਸ਼ੇਸ਼ ਸਨਮਾਨ ਦੇ ਕੇ ਨਿਵਾਜਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਅਹੁਦੇਦਾਰ ਬਿੱਟੂ ਸੰਧੂ, ਜੰਬਾ ਚੋਟੀਆਂ, ਬਲਵਿੰਦਰ ਸਿੰਘ, ਬੌਬੀ ਸਿੰਘ, ਰਾਜਪਾਲ ਸਿੰਘ, ਮਿੱਠੂ ਸਿੰਘ ਸਰਪੰਚ, ਬਾਬੂ ਸਿੰਘ ਮੈਂਬਰ, ਇੰਸਪੈਕਟਰ ਸ਼ਮਸ਼ੇਰ ਸਿੰਘ, ਬਲਜੀਤ ਸਿੰਘ ਸਿੱਧੂ, ਮਿੰਟਾ ਸੰਧੂ, ਇਕਬਾਲ ਸਿੱਧੂ, ਜੰਡ ਨੰਬਰਦਾਰ, ਰਛਪਾਲ ਸਿੰਘ ਮਾਨ ਆਦਿ ਹਾਜ਼ਰ ਸਨ।

ਡੈਂਗੂ ਦੇ ਖਾਤਮੇ ਲਈ

# ਹਰ ਇੱਕ ਦੀ ਸਾਂਝੀ ਜੁੰਮੇਵਾਰੀ -ਐਸ ਆਈ ਅਸ਼ੋਕ ਕੁਮਾਰ





**ਧੂਰੀ ( ਰਣਜੀਤ ਸਿੰਘ )**-ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਕਾਂਝਲਾ ਦੇ ਹੌਟ ਸਪੌਟ ਏਰੀਏ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚਿਕਨਗੁਨੀਆ ਅਤੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਅਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਅਤੇ ਚਿਕਨਗੁਨੀਆ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ।ਟੀਮ ਮੈਂਬਰ ਗੁਰਪ੍ਰੀਤ ਸਿੰਘ ਮ,ਪ,ਹ,ਵ (ਮ)ਅਤੇ ਸੀ ਸੋਹਣਪ੍ਰੀਤ ਮ,ਪ,ਹ ਵ (ਫ)ਅਤੇ ਇੰਦਰਜੀਤ ਕੌਰ ਆਸਾ ਵਰਕਰ ਹਾਜ਼ਰ ਸਨ।

# ਸਰਕਾਰੀ ਆਈ.ਟੀ.ਆਈ, ਮੂਣਕ ਵਿਖੇ ਪਲੇਸਮੈਂਟ ਕੈਂਪ 11 ਨਵੰਬਰ ਨੂੰ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਵਰਧਮਾਨ ਸਪਿੰਨਿੰਗ ਐਂਡ ਜਨਰਲ ਮਿਲਜ਼, ਸ਼ੇਅਰ ਇੰਡੀਆ, ਸਕਾਈ ਇੰਟਰਨੈਸ਼ਨਲ, ਪੁਖਰਾਜ ਹੈਲਥ ਕੇਅਰ ਪ੍ਰਾਈਵੇਟ ਲਿਮਿਟਡ ਮੁਥੂਟ ਮਾਈਕਰੋਫਿਨ ਲਿਮਿਟਡ ਕੰਪਨੀਆਂ ਨਾਲ ਤਾਲਮੇਲ ਕਰਕੇ ਮਿਤੀ 11 ਨਵੰਬਰ ਦਿਨ ਮੰਗਲਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਸਰਕਾਰੀ ਆਈ.ਟੀ.ਆਈ, ਮੂਣਕ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਸ਼੍ਰੀਮਤੀ ਸਿੰਪੀ ਸਿੰਗਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ ਫੀਲਡ ਅਫਸਰ, ਬਰਾਂਚ ਮੈਨੇਜਰ, ਬਿਜ਼ਨਸ ਐਗਜੀਕੀਊਟਿਵ, ਮਸ਼ੀਨ ਉਪਰੇਟਰ-ਅਪਰੈਂਟਸ, ਵੈਲਨੈੱਸ ਅਡਵਾਈਜ਼ਰ, ਟ੍ਰੇਨਰ, ਟੀ.ਐੱਲ, (ਲੜਕੇ ਅਤੇ ਲੜਕੀਆਂ ਦੋਵੇਂ) ਦੀ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 8ਵੀਂ ਤੋਂ ਗਰੈਜੂਏਸ਼ਨ ਪਾਸ ਅਤੇ ਆਈ.ਟੀ.ਆਈ. ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪ੍ਰਾਰਥੀ ਦੀ ਉਮਰ 18 ਤੋਂ 45 ਸਾਲ ਤੱਕ ਹੋਣੀ ਚਾਹੀਦੀ ਹੈ।

ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

# ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਤਲਵੰਡੀ ਸਾਬੋ ਵਿਖੇ ਡਰੋਨ ਸ਼ੋਅ ਦਾ ਆਯੋਜਨ






**ਤਲਵੰਡੀ ਸਾਬੋ, 07 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਸਾਇੰਸ ਐਂਡ ਇਨਵਾਇਰਮੈਂਟ ਕਲੱਬ ਵੱਲੋਂ ਡਰੋਨ-ਸ਼ੋਅ ਇਵੈਂਟ ਕਰਵਾਇਆ ਗਿਆ। ਮਾਰੁਤ ਡਰੋਨ ਅਤੇ ਸ੍ਰੀ ਕ੍ਰਿਸ਼ਨਾਂ ਡ੍ਰੋਨਜ਼ ਕੰਪਨੀ ਦੇ ਜੋਨਲ ਮੈਨੇਜਰ ਸ਼੍ਰੀ ਹਿਮਾਂਸ਼ੂ ਸ਼ਰਮਾ ਅਤੇ ਉਹਨਾਂ ਦੀ ਟੀਮ ਵੱਲੋਂ ਡਰੋਨ ਸਬੰਧੀ ਵਿਦਿਆਰਥੀਆਂ ਨੂੰ ਹਰ ਪੱਖੋਂ ਮੁਕੰਮਲ ਜਾਣਕਾਰੀ ਦਿੱਤੀ ਗਈ ਅਤੇ ਇਸਦੇ ਸਮਾਜ ਲਈ ਉਪਯੋਗਤਾ ਬਾਰੇ ਉਦਾਹਰਣ ਦਿੱਤੀ ਕਿ ਡਰੋਨ ਰਾਹੀਂ ਖੇਤਾਂ ਵਿੱਚ ਕਿਵੇਂ ਆਧੁਨਿਕ ਤਕਨੀਕ ਨਾਲ ਸਪਰੇ ਕੀਤੀ ਜਾਂਦੀ ਹੈ ਬਾਰੇ ਡੈਮੋ ਦਿੱਤਾ ਗਿਆ। ਇਸ ਇਵੈਂਟ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਡਰੋਨ ਕੰਪਨੀ ਦੇ ਜੋਨਲ ਮੈਨੇਜਰ ਅਤੇ ਉਹਨਾਂ ਦੀ ਟੀਮ ਦਾ ਇਸ ਬਹੁ-ਮੁੱਲੀ ਜਾਣਕਾਰੀ ਦੇਣ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਨਵਦੀਪ ਗੋਇਲ,ਪ੍ਰੋਫੈਸਰ ਅਤੇ ਅਧਿਆਪਕਾਂ ਵੱਲੋਂ ਕੰਪਨੀ ਦੇ ਜੋਨਲ ਮੈਨੇਜਰ ਸ਼੍ਰੀ ਹਿਮਾਂਸ਼ੂ ਸ਼ਰਮਾ ਅਤੇ ਉਹਨਾਂ ਦੀ ਟੀਮ ਦਾ ਨਿੱਘਾ ਸਵਾਗਤ ਕੀਤਾ। ਇਹ ਇਵੈਂਟ ਡਾ. ਯਾਦਵਿੰਦਰ ਕੁਮਾਰ, ਕੋਆਰਡੀਨੇਟਰ ਅਤੇ ਪ੍ਰਧਾਨ ਸਾਇੰਸ ਐਂਡ ਇਨਵਾਇਰਮੈਂਟ ਕਲੱਬ ਦੀ ਦੇਖ ਰੇਖ ਹੇਠ ਕਰਵਾਇਆ ਗਿਆ ਜਿਸ ਵਿੱਚ ਡਾ. ਕੁਲਵੰਤ ਸਿੰਘ ਨੇ ਕੋ-ਕੋਆਰਡੀਨੇਟਰ ਵਜੋਂ ਅਹਿਮ ਭੂਮਿਕਾ ਨਿਭਾਈ ਗਈ। ਇਸ ਇਵੈਂਟ ਸਬੰਧੀ ਕੈਂਪਸ ਡਾਇਰੈਕਟਰ ਪ੍ਰੋਫੈਸਰ (ਡਾ.)ਅਮਨਦੀਪ ਸਿੰਘ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਇਸ ਈਵੈਂਟ ਨੂੰ ਨੇਪਰੇ ਚਾੜ੍ਹਨ ਲਈ ਵਿਦਿਆਰਥੀਆਂ ਦੀ ਟੀਮ ਨੇ ਬਹੁ-ਮੁੱਲਾ ਯੋਗਦਾਨ ਪਾਇਆ।

# ਸਿੱਖ ਕਤਲੇਆਮ ਮਾਮਲਿਆਂ ਵਿਚ ਉਮਰ ਕੈਦ ਦੀ ਸਜ਼ਾ ਦੇ ਦੋਸ਼ੀ ਬਲਵਾਨ ਖੋਖਰ ਦੀ ਫਰਲੋ ਪਟੀਸ਼ਨ 'ਤੇ ਦਿੱਲੀ ਹਾਈ ਕੋਰਟ ਨੇ ਦਿੱਲੀ ਸਰਕਾਰ ਤੋਂ ਮੰਗਿਆ ਜਵਾਬ



**ਨਵੀਂ ਦਿੱਲੀ, 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਹਾਈ ਕੋਰਟ ਨੇ 1984 ਦੇ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਬਲਵਾਨ ਖੋਖਰ ਵੱਲੋਂ ਦਾਇਰ ਪਟੀਸ਼ਨ 'ਤੇ ਦਿੱਲੀ ਸਰਕਾਰ ਅਤੇ ਹੋਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਅਦਾਲਤ ਇਸ ਮਾਮਲੇ ਦੀ ਅਗਲੀ ਸੁਣਵਾਈ 17 ਨਵੰਬਰ ਨੂੰ ਕਰੇਗੀ। ਬਲਵਾਨ ਖੋਖਰ ਨੇ 21 ਦਿਨਾਂ ਦੀ ਪੈਰੋਲ ਦੀ ਬੇਨਤੀ ਕੀਤੀ ਹੈ। ਇਸ ਤੋਂ ਪਹਿਲਾਂ, ਸੁਪਰੀਮ ਕੋਰਟ ਵਿੱਚ ਸੁਣਵਾਈ ਦੌਰਾਨ, ਬਲਵਾਨ ਖੋਖਰ ਵੱਲੋਂ ਪੇਸ਼ ਹੋਏ ਵਕੀਲ ਨੇ ਅਦਾਲਤ ਨੂੰ ਦੱਸਿਆ ਸੀ ਕਿ ਸੁਪਰੀਮ ਕੋਰਟ ਵੱਲੋਂ ਪੈਰੋਲ ਦੀ ਅਰਜ਼ੀ 'ਤੇ ਜਲਦੀ ਵਿਚਾਰ ਕਰਨ ਦੇ ਨਿਰਦੇਸ਼ ਦੇ ਬਾਵਜੂਦ, ਜੇਲ੍ਹ ਅਧਿਕਾਰੀਆਂ ਨੇ 26 ਸਤੰਬਰ, 2024 ਨੂੰ ਹੀ ਅਰਜ਼ੀ ਰੱਦ ਕਰ ਦਿੱਤੀ ਸੀ। ਬਲਵਾਨ ਖੋਖਰ ਨੇ ਦਿੱਲੀ ਹਾਈ ਕੋਰਟ ਦੇ 17 ਦਸੰਬਰ, 2018 ਦੇ ਹੁਕਮ ਨੂੰ ਚੁਣੌਤੀ ਦਿੱਤੀ ਹੋਈ ਹੈ । ਖੋਖਰ ਨੂੰ ਸੱਜਣ ਕੁਮਾਰ ਦੇ ਨਾਲ ਇਸ ਮਾਮਲੇ ਵਿੱਚ ਭਾਰਤੀ ਦੰਡਾਵਲੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਉਹ ਤਿਹਾੜ ਜੇਲ੍ਹ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਉਸਨੂੰ ਦਿੱਲੀ ਕੈਂਟ ਕੇਸ ਵਿੱਚ ਵੀ ਦੋਸ਼ੀ ਠਹਿਰਾਇਆ ਗਿਆ ਸੀ। ਖੋਖਰ ਨੇ ਆਪਣੀ ਅਰਜ਼ੀ ਵਿੱਚ ਦਾਅਵਾ ਕੀਤਾ ਕਿ ਉਹ 66 ਸਾਲਾ ਬਜ਼ੁਰਗ ਨਾਗਰਿਕ ਹੈ ਜਿਸਦੀ ਸਰੀਰਕ ਅਪੰਗਤਾ ਹੈ, ਉਸਦੇ ਹੇਠਲੇ ਅੰਗਾਂ ਵਿੱਚ 54 ਪ੍ਰਤੀਸ਼ਤ ਸਥਾਈ ਅਪੰਗਤਾ ਹੈ, ਅਤੇ ਉਹ ਕਈ ਬਿਮਾਰੀਆਂ ਤੋਂ ਪੀੜਤ ਹੈ, ਜਿਸ ਵਿੱਚ ਸ਼ੂਗਰ, ਸੀਏ ਦੇ ਨਾਲ ਹਾਈਪਰਟੈਨਸ਼ਨ ਅਤੇ ਡਿਸਲਿਪੀਡੇਮੀਆ ਸ਼ਾਮਲ ਹਨ। ਜਿਕਰਯੋਗ ਹੈ ਕਿ ਇੰਨ੍ਹਾ ਮਾਮਲਿਆਂ ਵਿਚ ਨਾਮਜਦ ਸਾਬਕਾ ਵਿਧਾਇਕ ਮਹਿੰਦਰ ਯਾਦਵ, ਜਿਸਨੂੰ 10 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ, ਦੀ ਮੰਡੋਲੀ ਜੇਲ੍ਹ ਵਿੱਚ ਕੋਵਿਡ ਨਾਲ ਮੌਤ ਹੋ ਗਈ। ਸੱਜਣ ਕੁਮਾਰ ਅਤੇ ਬਲਵਾਨ ਖੋਖਰ 17 ਦਸੰਬਰ, 2018 ਨੂੰ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ ਤਿਹਾੜ ਜੇਲ੍ਹ ਵਿੱਚ ਬੰਦ ਹਨ। ਖੋਖਰ ਦੀ ਉਮਰ ਕੈਦ ਦੀ ਸਜ਼ਾ ਨੂੰ ਦਿੱਲੀ ਹਾਈ ਕੋਰਟ ਨੇ 2018 ਵਿੱਚ ਬਰਕਰਾਰ ਰੱਖਿਆ ਸੀ, ਜਦੋਂ ਕਿ ਹੇਠਲੀ ਅਦਾਲਤ ਨੇ 2013 ਵਿੱਚ ਸੱਜਣ ਕੁਮਾਰ ਨੂੰ ਬਰੀ ਕਰਨ ਦੇ ਫੈਸਲੇ ਨੂੰ ਪਲਟ ਦਿੱਤਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਚੰਨਣਕੇ ਗੁਰਦੁਆਰਾ ਹਵੇਲੀ ਸਾਹਿਬ ਵਿਖੇ

# ਧੰਨ-ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਅਵਤਾਰ ਦਿਹਾੜਾ ਮਨਾਇਆ



**ਚੌਕ ਮਹਿਤਾ,7 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਦਾ ਪਵਿੱਤਰ ਪਾਵਨ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਆਰੰਭ ਕੀਤੇ ਗਏ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਦੇ ਉਪਰੰਤ ਦੀਵਾਨ ਸਜਾਏ ਗਏ ਉਪਰੰਤ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜਾ ਪਿਆਰਿਆਂ ਸਾਹਿਬਾਨ ਦੀ ਅਗਵਾਈ ਹੇਠ ਨਗਰ ਕੀਰਤਨ ਗੁਰਦੁਆਰਾ ਹਵੇਲੀ ਸਾਹਿਬ ਜੀ ਤੋਂ ਜੈਕਿਆਰਾ ਅਤੇ ਫੁੱਲਾਂ ਦੀ ਵਰਖਾ ਨਾਲ ਆਰੰਭ ਕੀਤਾ ਗਿਆ। ਗੁਰਦੁਆਰਾ ਹਸਨਾ ਪੱਤੀ, ਗੁਰਦੁਆਰਾ ਬਾਬਾ ਚੰਨਣ ਸਾਹਿਬ , ਡੇਰਾ ਘੁਦੂਕਿਆ ਦਾ ਡੇਰਾ, ਬੰਡਾਲੀਆ ਦਾ ਡੇਰਾ, ਗੁਰਦੁਆਰਾ ਨਾਥ ਦੀ ਖੂਹੀ, ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ, ਗੁਰਦੁਆਰਾ ਬਾਬਾ ਜੀਵਨ ਸਿੰਘ ਜੀ,ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਤੋਂ ਸਾਮ ਗੁਰਦੁਆਰਾ ਹਵੇਲੀ ਸਾਹਿਬ ਜੀ ਵਿੱਖੇ ਸਮਾਪਤ ਹੋਈ। ਥਾਂ ਥਾਂ ਤੇ ਸੰਗਤਾਂ ਨੇ ਫਲ ਫ੍ਰੂਟ, ਚਾਹ ਪਕੌੜਿਆਂ, ਮਠਿਆਈਆਂ, ਗੁਰੂ ਦੇ ਲੰਗਰ ਆਟੁਟ ਵਰਤਿਆ ਗਿਆ। ਸੰਗਤਾਂ ਨੇ ਸਬਦ ਕੀਰਤਨ, ਵਾਹਿਗੁਰੂ ਜੀ ਜਾਪੁ ਕਰਕੇ ਆਪਣੇ ਜੀਵਨ ਨੂੰ ਸਫਲਾ ਕੀਤਾ ਇਸ ਮੌਕੇ ਤੇ ਬਾਬਾ ਸੁਖਵੰਤ ਸਿੰਘ ਚੰਨਣਕੇ,ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਪ੍ਰਧਾਨ ਹਰਜੀਤ ਸਿੰਘ ਫੋਜੀ, ਪ੍ਰਧਾਨ ਲਖਵਿੰਦਰ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ ਸਾਹ, ਡਾ, ਸਤਨਾਮ ਸਿੰਘ, ਭਾਈ ਰਛਪਾਲ ਸਿੰਘ ਨਵਾਂ ਚੰਨਣਕੇ, ਬਾਬਾ ਹਰਜੀਤ ਸਿੰਘ ਹੈਂਡ ਗ੍ਰੰਥੀ ਬਾਬਾ ਚੰਨਣ ਜੀ, ਸ਼ਮਸ਼ੇਰ ਸਿੰਘ ਸ਼ੇਰਾ, ਕਰਨਜੀਤ ਸਿੰਘ, ਬਾਬਾ ਮੰਗਲ ਸਿੰਘ, ਸੂਬੇਦਾਰ ਸਾਧਾ ਸਿੰਘ, ਨਵਦੀਪ ਸਿੰਘ ਬਾਠ, ਰਾਜਵਿੰਦਰ ਸਿੰਘ ਰਾਜੂ, ਆਦਿ ਸੇਵਾਦਾਰ ਹਾਜਰ ਸਨ।

ਭਗਵੰਤ ਮਾਨ ਦੀ ਬਦਲਾਅ ਦੀ ਝੂਠੀ ਸਰਕਾਰ ਦਾ ਪਰਦਾ ਚੁੱਕਿਆ ਗਿਆ : ਨਵਜੋਤ ਕੌਰ ਲੰਬੀ

# ਤਰਨਤਾਰਨ ਦੀ ਸੰਗਤ ਨੇ ਰੋਡ ਸ਼ੋਅ ਰਾਹੀਂ ਦੱਸ ਦਿੱਤਾ ਹੁਣ ਨਹੀਂ ਚਲਣੀ ਧੱਕੇਸ਼ਾਹੀ ਸਰਕਾਰ ਦੀ ਹਕੂਮਤ




**ਤਰਨਤਾਰਨ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਤਰਨਤਾਰਨ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚ ਕੱਢਿਆ ਗਿਆ ਰੋਡ ਸ਼ੋਅ ਪੂਰੀ ਤਰ੍ਹਾਂ ਇਤਿਹਾਸਕ ਤੇ ਜੋਸ਼ ਨਾਲ ਭਰਪੂਰ ਰਿਹਾ। ਸੰਗਤ ਦੀ ਭਾਰੀ ਭੀੜ ਨਾਅਰੇ ਤੇ ਫੁੱਲਾਂ ਦੀ ਵਰਖਾ ਨਾਲ ਤਰਨਤਾਰਨ ਦੇ ਪਿੰਡਾਂ ਵਿੱਚ ਪੰਥਕ ਜੋਸ਼ ਗੂੰਜ ਉਠਿਆ। ਇਸ ਰੋਡ ਸ਼ੋਅ ਦੀ ਅਗਵਾਈ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਕਰ ਰਹੇ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਹੀਦ ਭਾਈ ਦੀਪ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ, ਸ੍ਰ ਜਸਕਰਨ ਸਿੰਘ ਰਿਆੜ, ਪੰਜਾਬੀ ਫਿਲਮ ਕਲਾਕਾਰ ਸ੍ਰ ਕੁਲਜਿੰਦਰ ਸਿੰਘ ਸਿੱਧੂ, ਭਾਈ ਪਰਮਜੀਤ ਸਿੰਘ ਜੌਹਲ ਅਤੇ ਹੋਰ ਕਈ ਸੀਨੀਅਰ ਆਗੂ ਤੇ ਪਾਰਟੀ ਵਰਕਰ ਮੌਜੂਦ ਸਨ। ਭੈਣ ਨਵਜੋਤ ਕੌਰ ਲੰਬੀ ਨੇ ਇਸ ਮੌਕੇ ਆਪਣੇ ਤਿੱਖੇ ਬਿਆਨ ਵਿੱਚ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ, ਜੋ ਬਦਲਾਅ ਦੇ ਝੂਠੇ ਵਾਅਦਿਆਂ 'ਤੇ ਬਣੀ ਸੀ, ਅੱਜ ਲੋਕਾਂ ਦੇ ਭਰੋਸੇ ਤੇ ਖ਼ਰੀ ਨਹੀਂ ਉਤਰੀ। ਉਨ੍ਹਾਂ ਕਿਹਾ ਕਿ ਪੰਥਕ ਨੌਜਵਾਨਾਂ ਨੂੰ ਫਸਾ ਕੇ, ਸੱਚ ਬੋਲਣ ਵਾਲਿਆਂ ਨੂੰ ਜੇਲ੍ਹਾਂ ਵਿੱਚ ਪਾ ਕੇ ਤੇ ਗੁਰਮਤਿ ਅਦਾਰਿਆਂ ਵਿੱਚ ਰਾਜਨੀਤਕ ਦਖ਼ਲ ਦੇ ਕੇ ਇਸ ਸਰਕਾਰ ਨੇ ਆਪਣਾ ਅਸਲ ਚਿਹਰਾ ਸਾਹਮਣੇ ਲਿਆ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸੱਚਾਈ ਅਤੇ ਪੰਥਕ ਸਿਧਾਂਤਾਂ ਦੀ ਅਵਾਜ਼ ਹੈ, ਜਿਹੜੀ ਕਿਸੇ ਸਰਕਾਰੀ ਡਰ ਜਾਂ ਦਬਾਅ ਹੇਠ ਨਹੀਂ ਝੁਕੇਗੀ। ਹੁਣ ਲੋਕਾਂ ਨੇ ਸਾਫ਼ ਕਰ ਦਿੱਤਾ ਹੈ ਕਿ ਪੰਜਾਬ ਨੂੰ ਉਹ ਸਰਕਾਰ ਨਹੀਂ ਚਾਹੀਦੀ ਜੋ ਕੇਵਲ ਇਸ਼ਿਤਹਾਰਾਂ ਤੇ ਝੂਠੇ ਦਾਅਵਿਆਂ ਨਾਲ ਚੱਲਦੀ ਹੈ। ਭਾਈ ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਤਰਨਤਾਰਨ ਦੀ ਸੰਗਤ ਨੇ ਅੱਜ ਜਿਹੋ ਜਿਹਾ ਜੋਸ਼ ਦਿਖਾਇਆ ਹੈ, ਉਹ ਇਹ ਦਰਸਾਉਂਦਾ ਹੈ ਕਿ ਹੁਣ ਪੰਥਕ ਸਿਆਸਤ ਹੀ ਪੰਜਾਬ ਦੀ ਅਸਲੀ ਤਾਕਤ ਬਣੇਗੀ। ਰੋਡ ਸ਼ੋਅ ਦੇ ਅੰਤ 'ਤੇ ਸੰਗਤ ਵੱਲੋਂ ਭਾਈ ਮਨਦੀਪ ਸਿੰਘ ਸਿੱਧੂ, ਬਾਪੂ ਤਰਸੇਮ ਸਿੰਘ ਜੀ ਅਤੇ ਭੈਣ ਨਵਜੋਤ ਕੌਰ ਲੰਬੀ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਹ ਇਤਿਹਾਸਕ ਦ੍ਰਿਸ਼ ਦਰਸਾ ਰਿਹਾ ਸੀ ਕਿ ਤਰਨਤਾਰਨ ਦੀ ਧਰਤੀ ਤੋਂ ਹੁਣ ਝੂਠੀ ਤਬਦੀਲੀ ਨਹੀਂ, ਸੱਚੀ ਪੰਥਕ ਕ੍ਰਾਂਤੀ ਉੱਭਰ ਰਹੀ ਹੈ।

# ਤਰਨਤਾਰਨ ਦੇ ਲੋਕਾਂ ਨੇ ਗਲੀਆਂ ਨਾਲੀਆਂ ਤੋਂ ਬਦਲਕੇ ਆਪਣਾਂ ਰੁੱਖ ਪੰਥਕ ਸਿਆਸਤ ਵੱਲ ਕੀਤਾ : ਬਾਪੂ ਤਰਸੇਮ ਸਿੰਘ




**ਤਰਨਤਾਰਨ 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੱਜ ਤਰਨਤਾਰਨ ਹਲਕੇ 'ਚ ਕੱਢਿਆ ਗਿਆ ਸ਼ਾਨਦਾਰ ਰੋਡ ਸ਼ੋਅ ਜਿੱਥੇ ਇਕ ਪਾਸੇ ਲੋਕਾਂ ਦਾ ਉਤਸ਼ਾਹ ਦੇਖਣ ਜੋਗ ਸੀ, ਉਥੇ ਦੂਜੇ ਪਾਸੇ ਵਿਰੋਧੀਆਂ ਦੀਆਂ ਨੀਂਦਾਂ ਉਡ ਗਈਆਂ। ਹਰ ਗਲੀ, ਹਰ ਚੌਰਾਹੇ 'ਤੇ ਲੋਕਾਂ ਨੇ ਗੱਡੀਆਂ ਰੋਕ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਆਗੂਆਂ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ ਤੇ ਨਾਰੇਬਾਜ਼ੀ ਨਾਲ ਪੰਥਕ ਏਕਤਾ ਦਾ ਸੁਨੇਹਾ ਦਿੱਤਾ। ਇਸ ਰੋਡ ਸ਼ੋਅ ਦੀ ਅਗਵਾਈ ਬਾਪੂ ਤਰਸੇਮ ਸਿੰਘ ਜੀ ਨੇ ਹਲਕਾ ਤਰਨਤਾਰਨ ਤੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਦੇ ਨਾਲ ਮਿਲ ਕੇ ਕੀਤੀ। ਰੋਡ ਸ਼ੋਅ ਦੇ ਦੌਰਾਨ ਪ੍ਰਚਾਰ ਵਿੱਚ ਮੁੱਖ ਤੌਰ 'ਤੇ ਪਹੁੰਚੀਆਂ ਸ਼ਖਸੀਅਤਾਂ ਵਿੱਚ ਭਾਈ ਮਨਦੀਪ ਸਿੰਘ (ਭਰਾਤਾ ਸ਼ਹੀਦ ਭਾਈ ਦੀਪ ਸਿੱਧੂ), ਭੈਣ ਨਵਜੋਤ ਕੌਰ ਲੰਬੀ, ਜਸਕਰਨ ਸਿੰਘ ਰਿਆੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਦਇਆ ਸਿੰਘ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਸਰਪੰਚ ਬਲਜੀਤ ਸਿੰਘ, ਭਾਈ ਸੰਦੀਪ ਸਿੰਘ ਰੁਪਾਲੋਂ, ਨਿਰਵੈਰ ਸਿੰਘ ਖਾਲਸਾ, ਭਾਈ ਮਨਜਿੰਦਰ ਸਿੰਘ ਕਲੇਰ, ਭਾਈ ਜੁਗਰਾਜ ਸਿੰਘ ਭੰਗਵਾਂ ਅਤੇ ਹੋਰ ਕਈ ਪ੍ਰਮੁੱਖ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ। ਲੋਕਾਂ ਵੱਲੋਂ ਹਰ ਥਾਂ ਮੁੱਖ ਆਗੂਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਜਗਾ ਜਗਾ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਹ ਕਾਫਲਾ ਲਗਭਗ 300 ਤੋਂ 400 ਕਾਰਾਂ ਦਾ ਸੀ ਜੋ ਪੂਰੇ ਹਲਕੇ ਵਿੱਚ ਪੰਥਕ ਚੇਤਨਾ ਅਤੇ ਇਕਤਾ ਦਾ ਪ੍ਰਤੀਕ ਬਣਿਆ। ਇਸ ਮੌਕੇ 'ਤੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਹੁਣ ਤਰਨਤਾਰਨ ਦੇ ਲੋਕਾਂ ਨੇ ਗਲੀਆਂ-ਨਾਲੀਆਂ ਅਤੇ ਝੂਠੇ ਵਿਕਾਸ ਦੇ ਵਾਅਦਿਆਂ ਤੋਂ ਤੰਗ ਆ ਕੇ ਆਪਣਾ ਰੁਖ ਪੰਥਕ ਸਿਆਸਤ ਵੱਲ ਮੋੜ ਲਿਆ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ ਚੋਣਾਂ ਜਿੱਤਣ ਲਈ ਨਹੀਂ, ਸਗੋਂ ਪੰਥ, ਪੰਜਾਬ ਅਤੇ ਪੰਜਾਬੀਅਤ ਦੀ ਰੱਖਿਆ ਲਈ ਮੈਦਾਨ 'ਚ ਉਤਰੀ ਤਾਕਤ ਹੈ। ਭਾਈ ਮਨਦੀਪ ਸਿੰਘ ਖਾਲਸਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਰੋਡ ਸ਼ੋਅ ਲੋਕਾਂ ਦੀ ਜਾਗਰੂਕਤਾ ਦਾ ਪ੍ਰਤੀਕ ਹੈ ਅਤੇ ਹੁਣ ਪੰਥਕ ਲਹਿਰ ਰੁਕਣ ਵਾਲੀ ਨਹੀਂ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜੁਆਨੀ ਪੰਥਕ ਸਿਧਾਂਤਾਂ ਤੇ ਚੱਲ ਕੇ ਨਵਾਂ ਇਤਿਹਾਸ ਲਿਖੇਗੀ। ਅੰਤ ਵਿੱਚ ਸਾਰੇ ਆਗੂਆਂ ਨੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਤਸ਼ਾਹ ਸਾਬਤ ਕਰਦਾ ਹੈ ਕਿ ਤਰਨਤਾਰਨ ਦੀ ਧਰਤੀ ਤੋਂ ਇਕ ਵਾਰ ਫਿਰ ਪੰਥਕ ਰਾਜਨੀਤੀ ਦਾ ਨਵਾਂ ਅਧਿਆਇ ਸ਼ੁਰੂ ਹੋ ਚੁੱਕਾ ਹੈ।

## ਯੂਥ ਅਕਾਲੀ ਆਗੂ ਮੁੱਖਾ ਮਰੜੀ ਨੂੰ ਤਿੰਨ ਅਣਪਛਾਤੇ ਵਿਅਕਤੀਆਂ ਮਾਰੀਆਂ ਗੋਲੀਆਂ ਜਖਮੀ



ਚੌਕ ਮਹਿਤਾ,7ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਲਕਾ ਮਜੀਠਾ ਦੇ ਸੀਨੀਅਰ ਯੂਥ ਅਕਾਲੀ ਆਗੂ ਅਤੇ ਸਾਬਕਾ ਕੈਬਨਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਨਜ਼ਦੀਕੀ ਸਾਥੀ ਮੁਖਵਿੰਦਰ ਸਿੰਘ ਉਰਫ ਮੁੱਖਾ ਪੁੱਤਰ ਬਲਕਾਰ ਸਿੰਘ ਵਾਸੀ ਮਰੜੀ ਖੁਰਦ ਦਾ ਨੂੰ ਅੱਜ ਸਵੇਰੇ 7 ਵਜੇ ਦੇ ਕਰੀਬ ਜਦੋਂ ਆਪਣੀ ਭਤੀਜੀ ਪਵਨਦੀਪ ਕੌਰ ਨੂੰ ਬੱਸ ਅੱਡਾ ਥਰੀਏਵਾਲ ਚੌਕ ਵਿਖੇ ਚੜਾਉਣ ਵਾਸਤੇ ਆਇਆ ਜੋ ਕਿ ਖਾਲਸਾ ਕਾਲਜ ਦੀ ਵਿਦਿਆਰਥਨ ਹੈ ਜਦ ਉਸਨੇ ਆਪਣੀ ਭਤੀਜੀ ਨੂੰ ਬੱਸ ਤੇ ਚੜਾਇਆ ਤਾਂ ਆਪਣੇ ਵਾਹਨ ਨੂੰ ਲੈ ਕੇ ਤੁਰ ਲੱਗਾ ਤਾਂ ਤਿੰਨ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਫਾਇਰਿੰਗ ਕਰ ਦਿੱਤੀ ਜਿਸ ਤੇ ਉਹ ਗੰਭੀਰ ਜਖਮੀ ਹੋ ਗਿਆ ਜਿਸ ਨੂੰ ਤੁਰੰਤ ਜੇਰੇ ਇਲਾਜ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ ਉਧਰ ਇਸ ਘਟਨਾ ਦੀ ਇਲਾਕੇ ਵਿੱਚ ਬਹੁਤ ਦਹਿਸ਼ਤ ਹੈ ਅਤੇ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ ਅਤੇ ਇਸ ਗੱਲ ਦੀ ਹਲਕੇ ਮਜੀਠੇ ਦੇ ਵੱਖ-ਵੱਖ ਅਕਾਲੀ ਆਗੂਆਂ ਵੱਲੋਂ ਸਖਤ ਨਿੰਦਾ ਵੀ ਕੀਤੀ ਗਈ ਹੈ। ਇਹ ਘਟਨਾ ਪੁਲਿਸ ਚੌਂਕੀ ਭੰਗਾਲੀ ਕਲਾ ਤੋਂ ਕੁਝ ਹੀ ਦੂਰੀ ਤੇ ਵਾਪਰੀ ਹੈ। ਇਸ ਸਬੰਧੀ ਡੀਐਸਪੀ ਇੰਦਰਜੀਤ ਸਿੰਘ ਮਜੀਠਾ ਪੁਲਿਸ ਚੌਂਕੀ ਭੰਗਾਲੀ ਕਲਾਂ ਦੇ ਇੰਚਾਰਜ ਕੁਲਦੀਪ ਸਿੰਘ ਘਟਨਾ ਸਥਾਨ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈਅਤੇ ਪੁਲਿਸ ਸੀਸੀਟੀਵੀ ਕੈਮਰੇ ਦੀ ਫੁਟੇਜ ਤੇ ਜਾਂਚ ਕਰ ਰਹੀ ਹੈ ਇਸ ਸਬੰਧੀ ਜਦੋਂ ਡੀਐਸਪੀ ਇੰਦਰਜੀਤ ਸਿੰਘ ਮਜੀਠਾ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਤਿੰਨ ਅਣਪਛਾਤੇ ਨੌਜਵਾਨਾਂ ਤੇ ਪਰਚਾ ਦਿੱਤਾ ਗਿਆ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਵੀ ਕਰ ਲਿਆ ਜਾਵੇਗਾ

## ਸਿੱਖ ਕਤਲੇਆਮ ਵਿਚ ਨਾਮਜਦ ਜਗਦੀਸ਼ ਟਾਈਟਲਰ ਦੇ ਮਾਮਲੇ ਵਿਚ ਵਕੀਲਾਂ ਦੀ ਹੜਤਾਲ ਅਤੇ ਗਵਾਹ ਦੇ ਬਿਮਾਰੀਆਂ ਨਾਲ ਪੀੜਿਤ ਹੋਣ ਕਰਕੇ ਸੁਣਵਾਈ ਟਲੀ



ਨਵੀਂ ਦਿੱਲੀ 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਨਵੰਬਰ 1984 ਦੇ ਸਿੱਖ ਕਤਲੇਆਮ ਵਿਚ ਨਾਮਜਦ ਕਾਂਗਰਸੀ ਨੇਤਾ ਜਗਦੀਸ਼ ਟਾਈਟਲਰ ਨਾਲ ਸਬੰਧਤ ਮਾਮਲੇ ਦੀ ਸੁਣਵਾਈ ਵਿਸ਼ੇਸ਼ ਜੱਜ (ਪੀਸੀ ਐਕਟ) ਜਤਿੰਦਰ ਸਿੰਘ ਦੀ ਅਦਾਲਤ ਵਿੱਚ ਹੋਈ। ਅਦਾਲਤ ਵਿੱਚ ਗਵਾਹ ਕੇਪੀ ਸਿੰਘ ਦੀ ਸਿਹਤ ਬਾਰੇ ਰਿਪੋਰਟ ਪੇਸ਼ ਕੀਤੀ ਗਈ। ਜਾਂਚ ਅਧਿਕਾਰੀ (ਆਈਓ) ਨੇ ਦੱਸਿਆ ਕਿ ਕੇਪੀ ਸਿੰਘ ਇਸ ਸਮੇਂ ਡਿਮੈਂਸ਼ੀਆ ਅਤੇ ਹੋਰ ਉਮਰ-ਸੰਬੰਧੀ ਬਿਮਾਰੀਆਂ ਤੋਂ ਪੀੜਤ ਹਨ, ਜਿਸ ਕਾਰਨ ਉਹ ਸਵਾਲਾਂ ਦੇ ਜਵਾਬ ਦੇਣ ਤੋਂ ਅਸਮਰੱਥ ਹਨ। ਸੀਬੀਆਈ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਕੇਪੀ ਸਿੰਘ ਤੋਂ ਪੁੱਛਗਿੱਛ ਕਰਨਾ ਇਸ ਸਮੇਂ ਅਸੰਭਵ ਹੈ, ਪਰ ਜੇਕਰ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ, ਤਾਂ ਭਵਿੱਖ ਵਿੱਚ ਉਨ੍ਹਾਂ ਤੋਂ ਪੁੱਛਗਿੱਛ ਕਰਨ ਦੀ ਇਜਾਜ਼ਤ ਮੰਗੀ ਜਾਵੇਗੀ। ਦੋਸ਼ੀ ਪੱਖ ਨੇ ਕਿਹਾ ਕਿ ਮੁੱਖ ਵਕੀਲ ਬਾਰ ਐਸੋਸੀਏਸ਼ਨ ਦੀ ਚੱਲ ਰਹੀ ਹੜਤਾਲ ਕਾਰਨ ਅਦਾਲਤ ਵਿੱਚ ਪੇਸ਼ ਨਹੀਂ ਹੋ ਸਕਿਆ। ਸਾਰੀਆਂ ਧਿਰਾਂ ਨੂੰ ਸੁਣਨ ਤੋਂ ਬਾਅਦ, ਅਦਾਲਤ ਵਲੋਂ ਗਵਾਹ ਅਬਦੁਲ ਵਾਹਿਦ ਤੋਂ ਪੁੱਛਗਿੱਛ ਲਈ ਅਗਲੀ ਤਰੀਕ ਤੈਅ ਕੀਤੀ ਜਾਏਗੀ । ਜਿਕਰਯੋਗ ਹੈ ਕਿ ਟਾਈਟਲਰ ਨੇ ਰਾਊਸ ਐਵੇਨਿਊ ਕੋਰਟ ਦੇ ਦੋਸ਼ ਤੈਅ ਕਰਨ ਦੇ ਹੁਕਮ ਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਹੈ, ਜੋ ਅਜੇ ਵੀ ਲੰਬਿਤ ਹੈ। ਸੀਬੀਆਈ ਨੇ ਟਾਈਟਲਰ 'ਤੇ ਭਾਰਤੀ ਦੰਡ ਸੰਹਿਤਾ ਦੀ ਧਾਰਾ 147, 109 ਅਤੇ 302 ਦੇ ਤਹਿਤ ਦੋਸ਼ ਲਗਾਏ ਹਨ। ਸੀਬੀਆਈ ਦੇ ਅਨੁਸਾਰ, ਟਾਈਟਲਰ ਨੇ ਭੀੜ ਨੂੰ ਭੜਕਾਇਆ, ਜਿਸਨੇ ਫਿਰ ਪੁਲਬੰਗਸ਼ ਦੇ ਗੁਰਦੁਆਰੇ ਨੂੰ ਅੱਗ ਲਗਾ ਦਿੱਤੀ।

ਸਿਰਸਾ ਜਿਲੇ ਦੇ ਪਿੰਡ ਸ਼ਾਹਪੁਰ ਬੇਗੂ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਗੁਰਮਤਿ ਸਮਾਗਮਾਂ ਦਾ ਆਯੋਜਨ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ









ਸਿਰਸਾ ਜਿਲੇ ਦੇ ਪਿੰਡ ਸ਼ਾਹਪੁਰ ਬੇਗੂ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਵਿੱਚ ਅੱਜ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਬਾਬਾ ਜਸਵਿੰਦਰ ਸਿੰਘ,ਸਰਦਾਰ ਸੁਰਜੀਤ ਸਿੰਘ,ਚੇਅਰਮੈਨ ਮੋਹਨ ਸਿੰਘ ਬੇਗੂ ਨੇ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਇਸ ਸਮੇਂ ਭਾਈ ਸੁਖਨਾਮ ਸਿੰਘ ਵੈਦਵਾਲਾ ਅਤੇ ਪ੍ਰਸਿੱਧ ਢਾਡੀ ਭਾਈ ਸੁਖਵਿੰਦਰ ਸਿੰਘ ਸ਼ੌਂਕੀ ਭੰਬੂਰ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੇ 350ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ

# ਵਿਸ਼ੇਸ਼ ਸ਼ਹੀਦੀ ਸਮਾਗਮ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਤ ਬ੍ਰਹਮ ਦਾਸ ਜੀ ਨੂੰ ਸਿਰਪਾਉ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ















ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੇ 350ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ 'ਵਿਸੇਸ਼ ਸ਼ਹੀਦੀ ਸਮਾਗਮ' ਮੁਖਤਿਆਰ ਸਿੰਘ ਮੈਬਰ ਪੀਜੀ ਕਾਲਜ ਬਹਿਬਲਪੁਰ,ਰਾਇਲ ਪਬਲਿਕ ਸਕੂਲ ਬਹਿਬਲਪੁਰ ਦੇ ਪ੍ਰਬੰਧਕ ਚੇਅਰਮੈਨ ਹਰਿਮੰਦਰ ਸਿੰਘ ਸਟਾਫ਼ ਅਤੇ ਬੱਚਿਆਂ ਵੱਲੋਂ ਅੱਜ ਮਿਤੀ 4 ਨਵੰਬਰ 2025 ਨੂੰ ਕਰਵਾਏ ਗਏ ਜਿਸ ਵਿੱਚ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ,ਸਨਮਾਨਯੋਗ ਸੰਤ ਬ੍ਰਹਮ ਦਾਸ ਡੇਰਾ ਸ਼ੰਘਰਸਾਧਾਂ ਨੇ ਗੁਰਬਾਣੀ ਗੁਰ ਇਤਿਹਾਸ ਤੇ ਚਾਨਣਾ ਪਾਇਆ ਇਸ ਸਮੇਂ ਕਾਲਜ ਅਤੇ ਸਕੂਲ ਦਾ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ ਗੁਰੂ ਕਾ ਲੰਗਰ ਅਤੁੱਟ ਵਰਤਿਆ ਸਮਾਪਤੀ ਤੇ ਪ੍ਰਬੰਧਕਾਂ ਚੇਅਰਮੈਨ ਹਰਿਮੰਦਰ ਸਿੰਘ,ਡਾਕਟਰ ਰੋਹਤਾਸ਼ ਯੂਨੀਵਰਸਿਟੀ ਸਿਰਸਾ,ਸੰਦੀਪ ਨੈਨ ਸਮਾਜਸੇਵੀ ਵੱਲੋਂ ਜਥੇਦਾਰ ਦਾਦੂਵਾਲ ਜੀ ਅਤੇ ਸੰਤ ਬ੍ਰਹਮ ਦਾਸ ਜੀ ਨੂੰ ਸਿਰਪਾਉ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।



### "ਰੰਗਰੇਟਾ ਗੁਰੂ ਦਾ ਬੇਟਾ" ਭਾਈ ਜੇਤਾ ਜੀ ਨੂੰ ਸਮਰਪਿਤ ਬਾਈਕ ਰਾਈਡ ਦਾ ਆਯੋਜਨ

# ਬੀਬੀ ਰਣਜੀਤ ਕੌਰ ਚੇਅਰਪ੍ਰਸਨ ਜੀਟੀਬੀਆਈਟੀ ਅਤੇ ਦਿੱਲੀ ਕਮੇਟੀ ਦਾ ਸਾਂਝਾ ਉਪਰਾਲਾ





**ਨਵੀਂ ਦਿੱਲੀ, 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰੂ ਤੇਗ ਬਹਾਦੁਰ ਇੰਸਟੀਚਿਊਟ ਆਫ ਟੈਕਨੋਲੋਜੀ, ਗੁਰੂ ਤੇਗ ਬਹਾਦੁਰ ਫੋਰਥ ਸੈਨੇਟਰੀ ਇੰਜੀਨੀਅਰਿੰਗ ਕਾਲਜ, ਗੁਰੂ ਨਾਨਕ ਇੰਸਟੀਚਿਊਟ ਆਫ ਮੈਨੇਜਮੈਂਟ ਅਤੇ ਗੁਰੂ ਨਾਨਕ ਕਾਲਜ ਆਫ ਐਜੂਕੇਸ਼ਨ ਦੇ ਸਾਂਝੇ ਉਪਰਾਲੇ ਨਾਲ "ਰੰਗਰੇਟਾ ਗੁਰੂ ਦਾ ਬੇਟਾ" ਬਾਈਕ/ਸਕੂਟਰ ਰਾਈਡ ਦਾ ਆਯੋਜਨ ਕੀਤਾ ਗਿਆ। ਇਹ ਰਾਈਡ ਸਵੇਰੇ 10:30 ਵਜੇ ਗੁਰੂ ਤੇਗ ਬਹਾਦੁਰ ਇੰਸਟੀਚਿਊਟ ਆਫ ਟੈਕਨੋਲੋਜੀ, ਹਰੀ ਨਗਰ ਤੋਂ ਸ਼ੁਰੂ ਹੋਈ ਅਤੇ ਨੇੜਲੇ ਇਲਾਕਿਆਂ ਤੋਂ ਹੋਂਦੀ ਹੋਈ ਮੁੜ ਉਥੇ ਹੀ ਸਮਾਪਤ ਹੋਈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬਾਈਕ ਰਾਈਡ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਰਾਈਡ ਵਿੱਚ ਗੁਰੂ ਤੇਗ ਬਹਾਦੁਰ ਇੰਜੀਨੀਅਰਿੰਗ ਕਾਲਜ ਦੀ ਚੇਅਰਪਰਸਨ ਬੀਬੀ ਰਣਜੀਤ ਕੌਰ, ਕੋ-ਚੇਅਰਮੈਨ ਅਮਰਜੀਤ ਸਿੰਘ (ਫਤਹ ਨਗਰ), ਡਾਇਰੈਕਟਰ ਰਮਿੰਦਰ ਕੌਰ ਰੰਧਾਵਾ, ਫੋਰਥ ਸੈਨੇਟਰੀ ਕਾਲਜ ਦੇ ਚੇਅਰਮੈਨ ਹਰਜੀਤ ਸਿੰਘ ਪੱਪਾ, ਭੁਪਿੰਦਰ ਸਿੰਘ ਗਿੰਨੀ, ਕਮੇਟੀ ਮੈਂਬਰ ਇੰਦਰਪ੍ਰੀਤ ਸਿੰਘ ਕੋਛੜ, ਜਸਪ੍ਰੀਤ ਸਿੰਘ ਵਿਕੀ ਮਾਨ, ਸਮੇਤ ਹੋਰ ਪ੍ਰਸਿੱਧ ਸ਼ਖਸੀਆਤਾਂ, ਕਾਲਜ ਸਟਾਫ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਬੀਬੀ ਰਣਜੀਤ ਕੌਰ ਨੇ ਦੱਸਿਆ ਕਿ ਜਿੱਥੇ ਪੂਰਾ ਦੇਸ਼ ਗੁਰੂ ਤੇਗ ਬਹਾਦੁਰ ਜੀ ਦੀ ਸ਼ਹੀਦੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਆਪਣੇ-ਆਪਣੇ ਢੰਗ ਨਾਲ ਮਨਾ ਰਿਹਾ ਹੈ, ਉਥੇ ਦਿੱਲੀ ਕਮੇਟੀ ਦੇ ਸਾਰੇ ਕਾਲਜ, ਜੋ ਗੁਰੂ ਤੇਗ ਬਹਾਦੁਰ ਜੀ ਦੇ ਨਾਮ 'ਤੇ ਚਲਦੇ ਹਨ, ਨੇ ਮਿਲ ਕੇ ਇਸ ਬਾਈਕ ਰਾਈਡ ਦਾ ਆਯੋਜਨ ਕੀਤਾ ਹੈ ਅਤੇ ਅਗਲੇ ਦਿਨਾਂ ਵਿੱਚ ਹੋਰ ਕਈ ਪ੍ਰੋਗਰਾਮ ਵੀ ਕਰਵਾਏ ਜਾਣਗੇ। ਇਸ ਮੌਕੇ 'ਤੇ ਕਾਲਜ ਪਰਿਸਰ ਵਿੱਚ ਬਣੇ "ਸ਼ਹੀਦੀ ਪਥ" ਦਾ ਉਦਘਾਟਨ ਵੀ ਕੀਤਾ ਗਿਆ, ਜਿਸ ਵਿੱਚ ਗੁਰੂ ਜੀ ਦੇ ਪ੍ਰਕਾਸ਼ ਤੋਂ ਲੈ ਕੇ ਸ਼ਹੀਦੀ ਤੱਕ ਦਾ ਸਫਰ ਤਸਵੀਰੀ ਪ੍ਰਦਰਸ਼ਨੀ ਅਤੇ ਇਤਿਹਾਸਕ ਜਾਣਕਾਰੀ ਰਾਹੀਂ ਦਰਸਾਇਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਰੋਟਰੀ ਕਲੱਬ ਦਾ

# ਤਾਜਪੋਸ਼ੀ ਸਮਾਗਮ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ



ਫ਼ਿਰੋਜ਼ਪੁਰ, 07 ਨਵੰਬਰ (ਮਨੋਹਰ ਲਾਲ) :— ਰੋਟਰੀ ਕਲੱਬ ਇੱਕ ਕੌਮਾਂਤਰੀ ਪੱਧਰ ਦੀ ਸਮਾਜ ਸੇਵੀ ਸੰਸਥਾ ਹੈ, ਜਿਸ ਦੀ ਸਥਾਪਨਾ 1905 ਵਿੱਚ ਪਾਲ ਹੈਰਿਸ ਨੇ ਕੀਤੀ ਸੀ ਅਤੇ ਅੱਜ ਵਿਸ਼ਵ ਦੇ 168 ਦੇਸ਼ਾਂ ਵਿੱਚ ਇਸ ਦੀਆਂ 36000 ਕਲੱਬ ਹਨ ਅਤੇ ਲੱਖਾਂ ਮੈਂਬਰ ਦਿਨ ਰਾਤ ਸਮਾਜ ਸੇਵਾ ਦੇ ਕੰਮਾਂ ਵਿੱਚ ਲੱਗੇ ਪੂਰੇ ਵਿਸ਼ਵ ਵਿੱਚ ਇਸ ਨੂੰ 535 ਜ਼ਿਲ੍ਹਿਆਂ ਵਿੱਚ ਵੰਡਿਆ ਹੋਇਆ ਹੈ ਅਤੇ ਭਾਰਤ ਵਿੱਚ ਇਸ ਦੇ 40 ਡਿਸਟਿਕ ਹਨ ਜਿਸ ਤੇ ਜ਼ਿਲ੍ਹਾ 3090 ਦੇ ਸਾਲ 2025—26 ਲਈ ਰੋਟੇਰੀਅਨ ਭੁਪੇਸ਼ ਮਹਿਤਾ ਨੂੰ ਜ਼ਿਲ੍ਹਾ ਗਵਰਨਰ ਚੁਣਿਆ ਗਿਆ। ਅੱਜ ਇਨ੍ਹਾਂ ਦੀ ਹਾਜ਼ਰੀ ਵਿੱਚ ਫਿਰੋਜਪੁਰ ਦੇ ਤਿੰਨ ਕਲੱਬਾਂ ਦੇ ਪ੍ਰਧਾਨਾਂ ਦੀ ਤਾਜਪੋਸ਼ੀ ਵਾਸਤੇ ਸ਼ਹਿਰ ਦੇ ਇੱਕ ਹੋਟਲ ਵਿੱਚ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਸਾਬਕਾ ਜ਼ਿਲ੍ਹਾ ਗਵਰਨਰ ਰੋਟੇਰੀਅਨ ਵਿਜੇ ਅਰੋੜਾ ਵਿਸ਼ੇਸ਼ ਤੌਰ ਤੇ ਪਹੁੰਚੇ। ਉਨ੍ਹਾਂ ਪ੍ਰੋਗਰਾਮ ਦਾ ਆਗਾਜ਼ ਜੋਤੀ ਪ੍ਰਚੰਡ ਕਰਕੇ ਕੀਤਾ ਗਿਆ, ਉਸ ਤੋਂ ਬਾਅਦ 2024—25 ਪ੍ਰਧਾਨ ਰੋਟਰੀ ਕਲੱਬ ਫਿਰੋਜਪੁਰ ਗੋਲ੍ਡ ਪੁਸ਼ਪਾ ਬਹਿਲ ਪਤਨੀ ਅਸ਼ੋਕ ਬਹਿਲ ਨੇ ਆਪਣਾ ਪ੍ਰਧਾਨ ਕਾਲਰ ਉਤਾਰ ਕੇ ਨਵ—ਨਿਯੁਕਤ ਪ੍ਰਧਾਨ ਅਨੁਰਾਧਾ ਪਤਨੀ ਕਮਲ ਸ਼ਰਮਾ, ਨਰਿੰਦਰ ਕੱਕੜ ਪ੍ਰਧਾਨ ਰੋਟਰੀ ਕਲੱਬ ਨੇ ਆਪਣਾ ਕਾਲਰ ਨਵੇਂ ਬਣੇ ਪ੍ਰਧਾਨ ਹਿੰਮਤ ਗੋਇਲ ਦੇ ਗੱਲ ਵਿੱਚ ਪਾ ਕੇ ਉਨ੍ਹਾਂ ਦੀ ਰਸਮੀ ਤੌਰ ਤੇ ਤਾਜਪੋਸ਼ੀ ਕੀਤੀ। ਰੋਟਰੀ ਕਲੱਬ ਫਿਰੋਜਪੁਰ ਕੈਂਟ ਦੇ ਪ੍ਰਧਾਨ ਰਾਹੁਲ ਕੱਕੜ ਨੂੰ ਲਗਾਤਾਰ ਦੂਜੇ ਸਾਲ ਪ੍ਰਧਾਨ ਬਣਾਇਆ ਗਿਆ ਅਤੇ ਤਾਜਪੋਸ਼ੀ ਕੀਤੀ ਗਈ। ਇਸ ਉਪਰੰਤ ਜ਼ਿਲ੍ਹਾ ਗਵਰਨਰ ਭੁਪੇਸ਼ ਮਹਿਤਾ ਨੇ ਨਵ ਨਿਯੁਕਤ ਪ੍ਰਧਾਨਾਂ ਨੂੰ ਆਪਣੇ ਕਾਰਜਕਾਲ ਨੂੰ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਸਹੁੰ ਚੁਕਾਈ। ਸਮਾਰੋਹ ਦੌਰਾਨ ਗਵਰਨਰ ਨੇ ਸਾਲ 2025—26 ਦੀ ਡਾਇਰੈਕਟਰੀ ਨਵੇ ਬਣੇ ਪ੍ਰਧਾਨਾਂ, ਸਕੱਤਰਾਂ ਨੂੰ ਗਿਫਟ ਕੀਤੀ। ਇਸ ਸਮਾਰੋਹ ਵਿੱਚ ਸੀਨੀਅਰ ਰੋਟੈਰੀਅਨ ਅਸ਼ੋਕ ਬਹਿਲ, ਸਟੇਟ ਡਿਪਟੀ ਕੋਆਰਡੀਨੇਟਰ ਕਮਲ ਸ਼ਰਮਾ, ਅਸਿਸਟੈਂਟ ਗਵਰਨਰ ਵਿਜੇ ਮੋਂਗਾ ਤੋਂ ਇਲਾਵਾ ਦਸ਼ਮੇਸ਼ ਸੇਠੀ, ਕੁਲਦੀਪ ਸਿੰਘ ਸੰਧੂ, ਹਰਵਿੰਦਰ ਘਈ, ਸੁਨੀਤਾ ਅਰੋੜਾ, ਰੇਨੂੰ ਘਈ, ਨਮਿਤਾ ਗੋਇਲ, ਰੰਜੂ ਪੁੰਜ, ਪਰਮਜੀਤ ਕੌਰ, ਅੰਜੂ ਸਚਦੇਵਾ, ਬੂਟਾ ਸਿੰਘ, ਗੁਰਵਿੰਦਰ ਸਿੰਘ, ਸਕੱਤਰ ਸੁਮਿਤ ਵੋਹਰਾ, ਰਣਧੀਰ ਗੁਪਤਾ, ਨਵੀਨ ਅਰੋੜਾ, ਬਿੱਟੂ ਸੱਚਦੇਵਾ, ਕਪਿਲ ਡਾਵਰ, ਰਾਜੀਵ ਗੁਪਤਾ, ਅਨੁਜ ਮਿੱਤਲ, ਮਨੀਸ਼ ਮਹਿਤਾ, ਤਜਿੰਦਰ ਸਿੰਘ ਲੱਕੀ ਆਦਿ ਰੋਟੇਰੀਅਨ ਵੀ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਘਨੌੜ ਜੱਟਾਂ ਤੇ ਬੁਗਰਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਕੀਰਤਨ ਸਮਾਗਮ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੇ ਸਿਲਸਿਲੇ ਵਿੱਚ ਪਿੰਡ ਘਨੌੜ ਜੱਟਾਂ ਅਤੇ ਪਿੰਡ ਬੁਗਰਾਂ ਵਿਖੇ ਕੀਰਤਨ ਦਰਬਾਰ ਕਰਵਾਏ ਗਏ। ਇਹ ਸਮਾਗਮ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਜੀ ਦੀ ਮਹਾਨ ਕੁਰਬਾਨੀ ਅਤੇ ਸਿਖ ਧਰਮ ਦੇ ਸਰਵਉੱਚ ਆਦਰਸ਼ਾਂ ਦੀ ਯਾਦ ਵਿੱਚ ਕਰਾਏ ਜਾ ਰਹੇ ਹਨ। ਇਸ ਮੌਕੇ ਗੁਰਮਤਿ ਕੀਰਤਨ ਰਾਹੀਂ ਰਾਗੀ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਅਤੇ ਸੰਗਤ ਨੂੰ ਗੁਰੂ ਜੀ ਦੇ ਉਪਦੇਸ਼ਾਂ 'ਤੇ ਚਲਣ ਦਾ ਪ੍ਰੇਰਕ ਸੰਦੇਸ਼ ਦਿੱਤਾ। ਦੋਵੇਂ ਪਿੰਡਾਂ ਦੇ ਗੁਰਦੁਆਰਾ ਸਾਹਿਬਾਂ ਵਿਖੇ ਹੋਏ ਇਹਨਾਂ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਜੀ ਨੂੰ ਨਤਮਸਤਕ ਹੋ ਕੇ ਅਰਦਾਸਾਂ ਕੀਤੀਆਂ। ਸੰਗਤ ਨੇ ਸ਼ਰਧਾ ਨਾਲ ਗੁਰੂ ਸਾਹਿਬ ਵੱਲੋਂ ਧਰਮ, ਸੱਚਾਈ ਤੇ ਆਜ਼ਾਦੀ ਦੀ ਰੱਖਿਆ ਲਈ ਪਾਏ ਯੋਗਦਾਨ ਨੂੰ ਯਾਦ ਕੀਤਾ। ਇਹ ਸਮਾਗਮ ਪੰਜਾਬ ਸਰਕਾਰ ਦੀ ਉਸ ਵੱਡੀ ਲੜੀ ਦਾ ਹਿੱਸਾ ਹਨ, ਜਿਨ੍ਹਾਂ ਰਾਹੀਂ ਰਾਜ ਭਰ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਦੇ 350 ਸਾਲ ਪੂਰੇ ਹੋਣ ਉੱਤੇ ਵਿਸ਼ਾਲ ਪੱਧਰ 'ਤੇ ਇਤਿਹਾਸਕ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ।ਸਥਾਨਕ ਪ੍ਰਬੰਧਕ ਕਮੇਟੀਆਂ ਅਤੇ ਗੁਰਦੁਆਰਾ ਸਾਹਿਬ ਪ੍ਰਬੰਧਕਾਂ ਵੱਲੋਂ ਸਮਾਗਮਾਂ ਦੀ ਵਿਵਸਥਾ ਸ਼ਾਨਦਾਰ ਢੰਗ ਨਾਲ ਕੀਤੀ ਗਈ। ਸੰਗਤਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਕਿ ਇਸ ਤਰ੍ਹਾਂ ਦੇ ਧਾਰਮਿਕ ਤੇ ਆਤਮਿਕ ਸਮਾਗਮਾਂ ਰਾਹੀਂ ਗੁਰੂ ਸਾਹਿਬ ਜੀ ਦੀ ਸ਼ਹੀਦੀ ਬਾਬਤ ਸੁਨਿਹਰਾ ਉਪਰਾਲਾ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਜਜ਼ਬੇ ਨਾਲ ਭਰਪੂਰ ਰੋਡ ਸ਼ੋਅ ਨੇ ਵਿਰੋਧੀ ਪਾਰਟੀਆਂ ਦੇ ਉਡਾਏ ਹੋਸ਼ : ਮਨਦੀਪ ਸਿੰਘ ਸਿੱਧੂ



**ਤਰਨਤਾਰਨ 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਤਰਨਤਾਰਨ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚ ਕੱਢਿਆ ਗਿਆ ਰੋਡ ਸ਼ੋਅ ਇਤਿਹਾਸਕ ਰਿਹਾ। ਰੋਡ ਸ਼ੋਅ ਦੌਰਾਨ ਲੋਕਾਂ ਦਾ ਉਤਸ਼ਾਹ ਦੇਖਣ ਜੋਗ ਸੀ, ਹਰ ਚੌਕ, ਹਰ ਮੋੜ ਤੇ ਸੰਗਤ ਨੇ ਆਗੂਆਂ ਦਾ ਨਗਾਰੇ ਵੱਜਾ ਕੇ ਤੇ ਫੁੱਲ ਵਰਸਾ ਕੇ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ। ਇਸ ਰੋਡ ਸ਼ੋਅ ਵਿੱਚ ਵਿਸ਼ੇਸ਼ ਤੌਰ 'ਤੇ ਸ਼ਹੀਦ ਭਾਈ ਦੀਪ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ ਪਹੁੰਚੇ। ਉਨ੍ਹਾਂ ਨੇ ਸੰਗਤ ਨਾਲ ਮਿਲਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਅੱਜ ਪੰਥਕ ਏਕਤਾ, ਸੱਚਾਈ ਤੇ ਨਿਆਂ ਦੀ ਅਵਾਜ਼ ਬਣ ਚੁੱਕੀ ਹੈ, ਜਦਕਿ ਸਰਕਾਰਾਂ ਦੇ ਝੂਠੇ ਵਾਅਦੇ ਤੇ ਡਰਾਉਣੀ ਹਕੂਮਤਾਂ ਦਾ ਪਰਦਾ ਹੁਣ ਲੋਕਾਂ ਨੇ ਖੋਲ੍ਹ ਦਿੱਤਾ ਹੈ। ਇਸ ਰੋਡ ਸ਼ੋਅ ਦੀ ਅਗਵਾਈ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕੀਤੀ। ਉਹਨਾਂ ਦੇ ਨਾਲ ਸ੍ਰ ਜਸਕਰਨ ਸਿੰਘ ਰਿਆੜ, ਭੈਣ ਨਵਜੋਤ ਕੌਰ ਲੰਬੀ, ਪੰਜਾਬੀ ਫਿਲਮ ਕਲਾਕਾਰ ਸ੍ਰ ਕੁਲਜਿੰਦਰ ਸਿੰਘ ਸਿੱਧੂ, ਭਾਈ ਪਰਮਜੀਤ ਸਿੰਘ ਜੌਹਲ, ਅਤੇ ਹੋਰ ਕਈ ਸੀਨੀਅਰ ਆਗੂ ਤੇ ਵਰਕਰ ਭਾਰੀ ਗਿਣਤੀ ਵਿੱਚ ਮੌਜੂਦ ਸਨ। ਲੋਕਾਂ ਦੇ ਸਮਰਥਨ ਨਾਲ ਤਰਨਤਾਰਨ ਦੀਆਂ ਗਲੀਆਂ 'ਚ ਪੰਥਕ ਚੇਤਨਾ ਦੀ ਲਹਿਰ ਦਿਖਾਈ ਦਿੱਤੀ। ਭਾਈ ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਜਦੋਂ ਜਨਤਾ ਆਪਣੀ ਤਾਕਤ ਪਛਾਣ ਲੈਂਦੀ ਹੈ ਤਾਂ ਕਿਸੇ ਸਰਕਾਰ ਦਾ ਝੂਠਾ ਚਿਹਰਾ ਲੰਬੇ ਸਮੇਂ ਲਈ ਨਹੀਂ ਟਿਕਦਾ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਦੀ ਜੁਆਨੀ ਆਪਣਾ ਹੱਕ ਮੰਗਣ ਨਹੀਂ, ਖੁਦ ਲੈਣ ਲਈ ਮੈਦਾਨ 'ਚ ਉਤਰੇ। ਅੰਤ ਵਿੱਚ ਸੰਗਤ ਵੱਲੋਂ ਭਾਈ ਮਨਦੀਪ ਸਿੰਘ ਸਿੱਧੂ ਅਤੇ ਬਾਪੂ ਤਰਸੇਮ ਸਿੰਘ ਜੀ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਇਤਿਹਾਸਕ ਪ੍ਰੋਗਰਾਮ ਨੇ ਸਾਫ਼ ਕਰ ਦਿੱਤਾ ਕਿ ਤਰਨਤਾਰਨ ਦੀ ਧਰਤੀ ਤੋਂ ਹੁਣ ਪੰਥਕ ਰਾਜਨੀਤੀ ਦੀ ਇਕ ਨਵੀਂ ਲਹਿਰ ਚਲ ਪਈ ਹੈ ਜਿਸ ਨੇ ਸਰਕਾਰ ਦਾ ਮੂੰਹ ਭੰਨ ਕੇ ਰੱਖ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਦੀ ਸਿਮਰਨਜੋਤ ਕੌਰ ਨੇ ਕੀਤਾ ਤੀਜਾ ਸਥਾਨ ਹਾਸਲ




ਤਲਵੰਡੀ ਸਾਬੋ, 07 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਦੀ ਸੱਤਵੀਂ ਕਲਾਸ ਦੀ ਵਿਦਿਆਰਥਣ ਸਿਮਰਨਜੋਤ ਕੌਰ ਪਿੰਡ ਭਾਗੀਵਾਂਦਰ ਨੇ ਮਿਲੇਨੀਅਮ ਸਕੂਲ ਬਠਿੰਡਾ ਵਿਖੇ ਹੋ ਰਹੇ ਇੰਟਰ ਸਕੂਲ ਮੁਕਾਬਲਿਆਂ ਵਿੱਚ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੁਕਾਬਲੇ ਵਿੱਚ ਇਲਾਕੇ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ, ਪਰ ਸੁਦੇਸ਼ ਵਾਟਿਕਾ ਸਕੂਲ ਦੀ ਵਿਦਿਆਰਥਣ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਚੇਅਰਮੈਨ ਵਿਨੋਦ ਖੁਰਾਣਾ ਅਤੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਨੇ ਇਸ ਜਿੱਤ ਉੱਤੇ ਖੁਸ਼ੀ ਜ਼ਾਹਰ ਕਰਦਿਆਂ ਸਕੂਲ ਆਰਟ ਅਧਿਆਪਕ ਲਵਪ੍ਰੀਤ ਸਿੰਘ ਅਤੇ ਵਿਦਿਆਰਥਣ ਨੂੰ ਮੁਬਾਰਕਬਾਦ ਦਿੱਤੀ ਹੈ ਜਿਨ੍ਹਾਂ ਦੀ ਅਣਥੱਕ ਮਿਹਨਤ ਨਾਲ ਪ੍ਰਾਪਤੀਆਂ ਹਾਸਲ ਹੋਈ ਅਤੇ ਨਾਲ ਹੀ ਵਿਦਿਆਰਥਣ ਨੂੰ ਉਸਦੇ ਭਵਿੱਖ ਲਈ ਚੰਗੀਆਂ ਕਾਮਨਾਵਾਂ ਦਿੱਤੀਆਂ ਹਨ। ਨੌਵੀਂ ਕਲਾਸ ਦੀ ਵਿਦਿਆਰਥਣ ਨਵਨੀਤ ਕੌਰ ਨੇ ਵੀ ਇਸ ਪ੍ਰਤੀਯੋਗਤਾ ਵਿੱਚ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਾ



ਨਵੀਂ ਦਿੱਲੀ, 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜਾ, ਜਿਥੇ ਸੰਗਤਾਂ ਨੇ ਨਗਰ ਕੀਰਤਨ ਦਾ ਖ਼ਾਲਸਾਈ ਜਾਹੋ-ਜਲਾਲ ਨਾਲ ਭਰਵਾਂ ਸਵਾਗਤ ਕੀਤਾ। ਇਹ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਤੋਂ ਗੁਰਮਤਿ ਸਮਾਗਮ ਮਗਰੋਂ ਰਵਾਨਾ ਹੋਇਆ। ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਕਥਾ ਵਿਚਾਰ ਕਰਦਿਆਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਛੇਹਰਟਾ ਸਾਹਿਬ ਤੋਂ ਸ੍ਰੀ ਦਰਬਾਰ ਸਾਹਿਬ ਤੱਕ ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

**ਵੱਡੀ ਗਿਣਤੀ 'ਚ ਹਾਜ਼ਰ ਸੰਗਤਾਂ ਨੇ ਨਗਰ ਕੀਰਤਨ ਦਾ ਕੀਤਾ ਭਰਵਾਂ ਸਵਾਗਤ**

ਆਵਾਜ਼ਿ ਕੌਮ AWAZE QAUM International Newspaper & WEB TV

### ਉੱਘੇ ਸਾਹਿਤਕਾਰ ਅਤੇ ਸੀਨੀਅਰ ਅਕਾਲੀ ਆਗੂ ਸੁੱਖਮਿੰਦਰ ਸਿੰਘ ਭਾਗੀਵਾਂਦਰ ਨੂੰ ਸਦਮਾ

# ਭਰਾ ਗੁਰਜੀਤ ਸਿੰਘ ਦਾ ਦਿਹਾਂਤ



**ਤਲਵੰਡੀ ਸਾਬੋ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਉੱਘੇ ਸਾਹਿਤਕਾਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੁਖਮਿੰਦਰ ਸਿੰਘ ਭਾਗੀਵਾਂਦਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਭਰਾ ਗੁਰਜੀਤ ਸਿੰਘ (63) ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ। ਗੁਰਜੀਤ ਸਿੰਘ ਦੇ ਅਕਾਲ ਚਲਾਣੇ 'ਤੇ ਵੱਖ-ਵੱਖ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਸ਼ਖਸ਼ੀਅਤਾਂ ਨੇ ਸੁਖਮਿੰਦਰ ਸਿੰਘ ਭਾਗੀਵਾਂਦਰ ਦੇ ਪਰਿਵਾਰ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਭਾਈ ਟੇਕ ਸਿੰਘ ਧਨੌਲਾ, ਬਾਬਾ ਕਾਕਾ ਸਿੰਘ ਬੂੰਗਾ ਮਸਤੂਆਣਾ ਸਾਹਿਬ, ਹਲਕਾ ਵਿਧਾਇਕ ਪ੍ਰੋਫੈਸਰ ਬਲਜਿੰਦਰ ਕੌਰ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਮੋਹਨ ਸਿੰਘ ਬੰਗੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ, ਤਖਤ ਸਾਹਿਬ ਦੇ ਮੈਨੇਜਰ ਭਾਈ ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਗੁਰਚਰਨ ਸਿੰਘ ਜੀਂਦਾ ਮੀਤ ਮੈਨੇਜਰ, ਰਣਜੀਤ ਸਿੰਘ ਮਲਕਾਣਾ ਸਾਬਕਾ ਕੌਂਸਲਰ, ਤੇਜਾ ਸਿੰਘ ਮਲਕਾਣਾ, ਸਤਿੰਦਰਪਾਲ ਸਿੰਘ ਸਿੱਧੂ ਪ੍ਰਧਾਨ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ, ਹਰਤਾਬਲ ਸਿੰਘ ਸੁੱਖੀ, ਰਵੀ ਕੁਮਾਰ ਕੋਕੀ ਕੌਂਸਲਰ, ਕੌਂਸਲਰ ਗੁਰਪ੍ਰੀਤ ਸਿੰਘ ਕੀਪਾ ਨੰਬਰਦਾਰ, ਜਸਵਿੰਦਰ ਸਿੰਘ ਜੈਲਦਾਰ, ਜਗਜੀਤ ਸਿੰਘ ਸਿੱਧੂ ਚੇਅਰਮੈਨ ਪ੍ਰੈਸ ਕਲੱਬ ਤਲਵੰਡੀ ਸਾਬੋ, ਸ਼ੇਖਰ ਤਲਵੰਡੀ, ਅਮਰਜੀਤ ਸਿੰਘ ਜੀਤ ਤੋਂ ਇਲਾਵਾ ਦਮਦਮਾ ਸਾਹਿਬ ਸਾਹਿਤ ਸਭਾ ਤਲਵੰਡੀ ਸਾਬੋ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸੁਖਮਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

### ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾਪੁਰਾਣਾ ਵਿਖੇ

# ਦੋ ਰੋਜ਼ਾ ਅਥਲੈਟਿਕ ਮੀਟ ਦੀ ਸ਼ਾਨਦਾਰ ਅਗਾਜ਼



**ਬਾਘਾਪੁਰਾਣਾ,7ਨਵੰਬਰ(ਆਵਾਜਿ ਕੌਮ ਬਿਊਰੋ ਰਿਪੋਰਟ)**-ਮੋਗਾ ਜਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾਪੁਰਾਣਾ ਜੋ ਸੰਸਥਾਪਕ ਪ੍ਰਿੰਸੀਪਲ ਸਰਦਾਰ ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਜੋ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਵਚਨਬੱਧ ਹਨ, ਵਿਖੇ ਅੱਜ ਦੋ ਰੋਜ਼ਾ ਅਥਲੈਟਿਕ ਮੀਟ ਦਾ ਸ਼ਾਨਦਾਰ ਤਰੀਕੇ ਨਾਲ ਆਗਾਜ਼ ਹੋਇਆ। ਜਿਸ ਵਿੱਚ ਪੂਰੇ ਸਕੂਲ ਦੇ ਵਿਦਿਆਰਥੀਆਂ ਦੀ ਚਾਰ ਹਾਊਸਜ ਵਿੱਚ ਤਕਸੀਮ ਕੀਤੀ ਗਈ। ਇਸ ਦੀ ਸ਼ੁਰੂਆਤ ਚਾਰ ਹਾਊਸ ਬਲੂ, ਰੈਡ, ਗਰੀਨ ਅਤੇ ਯੈਲੋ ਦੇ ਖਿਡਾਰੀਆਂ ਵੱਲੋਂ ਮਾਰਚ ਪਾਸ ਨਾਲ ਹੋਈ।ਚਾਰੇ ਹਾਊਸ ਦੇ ਲੀਡਰ ਖਿਡਾਰੀਆਂ ਵੱਲੋਂ ਮਿਸਾਲ ਫੜ ਕੇ ਪੂਰੇ ਟਰੈਕ ਦਾ ਚੱਕਰ ਲਗਾਇਆ ਗਿਆ।ਜੋਤੀ ਪ੍ਰਚੰਡ ਦੀ ਰਸਮ ਪ੍ਰਿੰਸੀਪਲ ਸ. ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ, ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਮੈਡਮ ਖੁਸ਼ਪ੍ਰੀਤ ਕੌਰ, ਕੋਆਰਡੀਨੇਟਰ ਸ੍ਰੀ ਮੁਕੇਸ਼ ਅਰੋੜਾ, ਮਿਡਲ ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ,ਹਾਊਸ ਇੰਚਾਰਜ ਮੈਡਮ ਸੰਦੀਪ ਬਰਾੜ, ਰੁਪਾਲੀ ਬਠਲਾ, ਬਲਜਿੰਦਰ ਕੌਰ, ਸਵਰਜੀਤ ਕੌਰ ਵੱਲੋਂ ਨਿਭਾਈ ਗਈ। ਖਿਡਾਰੀਆਂ ਦੇ ਬੁਲੰਦ ਹੌਸਲੇ ਦਾ ਪ੍ਰਤੀਕ ਰੰਗ ਬਿਰੰਗੇ ਗੁਬਾਰੇ ਵੀ ਅਸਮਾਨ ਵਿੱਚ ਉਡਾਏ ਗਏ।ਅਥਲੈਟਿਕ ਮੀਟ ਦੇ ਪਹਿਲੇ ਦਿਨ ਤੋਂ ਹੀ ਛੇਂਵੀ ਅਤੇ ਬਾਰ੍ਹਵੀਂ ਸ਼੍ਰੇਣੀ ਦੀਆਂ ਵਿਦਿਆਰਥਣਾ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 100 ਮੀਟਰ, 200 ਮੀਟਰ, 400 ਮੀਟਰ, ਸੈਕਰੇਸ, ਮਟਕਾ ਰੇਸ, ਟਰਿਪਲ ਲੈਗਰੇਸ, ਲੈਮਨ ਸਪੂਨ ਰੇਸ, ਲੰਬੀ ਛਾਲ, ਸ਼ਾਟਪੁੱਟ, ਰੱਸਾ ਕੱਸੀ ਅਤੇ ਰੀਲੇ ਰੇਸ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲੀ ਦੂਜੀ ਅਤੇ ਤੀਸਰੀ ਪੋਜੀਸ਼ਨ ਹਾਸਲ ਕਰਨ ਵਾਲਿਆਂ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸੰਸਥਾ ਦੇ ਪ੍ਰਿੰਸੀਪਲ ਅਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਨੇ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਨ ਲਈ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਸਟੇਜ ਸੰਚਾਲਨ ਅਤੇ ਕਮੈਂਟਰੀ ਦੀ ਭੂਮਿਕਾ ਮੈਡਮ ਹਰਦੀਪ ਕੌਰ ਅਤੇ ਲੈਕਚਰਾਰ ਹਰਜਿੰਦਰ ਪਾਲ ਵੱਲੋਂ ਬਾਖੂਬੀ ਨਿਭਾਈ ਗਈ। ਡੀ.ਪੀ. ਬਲਰਾਜ ਸਿੰਘ, ਕੋਚ ਨਵਨੀਤ ਸਿੰਘ ਅਤੇ ਕੋਚ ਵਿੱਕੀ ਸਿੰਘ ਵੱਲੋਂ ਖਿਡਾਰੀਆਂ ਨੂੰ ਅਨੁਸਾਸ਼ਨ ਵਿੱਚ ਰਹਿ ਕੇ ਖੇਡਣ ਲਈ ਮਹੱਤਵਪੂਰਨ ਰੋਲ ਨਿਭਾਇਆ।

# ਅਮਨਦੀਪ ਹਸਪਤਾਲ ਤੇ ਪੰਜਾਬ ਪੁਲਿਸ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਲਗਾਇਆ ਗਿਆ ਮੁਫਤ ਹੈਲਥ ਕੈਂਪ



**ਫ਼ਿਰੋਜ਼ਪੁਰ, 07 ਨਵੰਬਰ (ਮਨੋਹਰ ਲਾਲ)** :— ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਮੁਫਤ ਜਨਰਲ ਹੈਲਥ ਚੈਕਅਪ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਪੰਜਾਬ ਪੁਲਿਸ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਵਿੱਚ 100 ਤੋਂ ਵੱਧ ਵਿਅਕਤੀਆਂ ਨੇ ਆਪਣੀ ਸਿਹਤ ਦੀ ਜਾਂਚ ਕਰਵਾਈ ਅਤੇ ਡਾਕਟਰੀ ਸਲਾਹ ਪ੍ਰਾਪਤ ਕੀਤੀ। ਕੈਂਪ ਦੌਰਾਨ ਇੰਟਰਨਲ ਮੈਡਿਸਿਨ ਈ.ਐਨ.ਟੀ, ਆਰਥੋਪੀਡਿਕਸ, ਬਲੱਡ ਸ਼ੂਗਰ ਅਤੇ ਬੀ.ਐਮ.ਡੀ. ਟੈਸਟ ਵਰਗੀਆਂ ਆਧੁਨਿਕ ਜਾਂਚਾਂ ਪੂਰੀ ਤਰ੍ਹਾਂ ਮੁਫਤ ਕੀਤੀਆਂ ਗਈਆਂ। ਇਸ ਕੈਂਪ ਦੌਰਾਨ ਖਾਸ ਤੌਰ 'ਤੇ ਬੀ.ਐਮ.ਡੀ ਟੈਸਟ ਵਿੱਚ ਵੱਡੀ ਰੁਚੀ ਦੇਖੀ ਗਈ, ਜਿਸ ਵਿੱਚ 50 ਤੋਂ ਵੱਧ ਮਰੀਜ਼ਾਂ ਨੇ ਆਪਣੀਆਂ ਹੱਡੀਆਂ ਦੀ ਜਾਂਚ ਕਰਵਾਈ ਅਤੇ ਅਮਨਦੀਪ ਹਸਪਤਾਲ ਦੇ ਵਿਸ਼ੇਸ਼ਿਗਆਰ ਹੱਡੀ ਰੋਗ ਵਿਸ਼ੇਸ਼ਿਗਆਰਾਂ ਤੋਂ ਸਲਾਹ ਲੈ ਕੇ ਲਾਭ ਪ੍ਰਾਪਤ ਕੀਤਾ। ਇਸ ਕੈਂਪ ਦੌਰਾਨ ਹਸਪਤਾਲ ਦੀ ਟੀਮ ਵੱਲੋਂ ਐਸੋਸੀਏਸ਼ਨ ਨਾਲ ਜੁੜੇ ਡਾਕਟਰ ਮੈਂਬਰਾਂ ਦੇ ਪ੍ਰਿਵਿਲੇਜ ਕਾਰਡ ਵੀ ਬਣਾਏ ਗਏ ਤਾਂ ਜੋ ਉਨ੍ਹਾਂ ਨੂੰ ਭਵਿੱਖ ਵਿੱਚ ਅਮਨਦੀਪ ਹਸਪਤਾਲ ਵਿੱਚ ਇਲਾਜ ਦੌਰਾਨ ਖਾਸ ਸੁਵਿਧਾਵਾਂ ਦਾ ਲਾਭ ਮਿਲ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਅਮਨਦੀਪ ਹਸਪਤਾਲ ਹਮੇਸ਼ਾਂ ਸਮਾਜ ਸੇਵਾ ਦੀ ਭਾਵਨਾ ਨਾਲ ਪ੍ਰੇਰਿਤ ਹੋ ਕੇ ਆਮ ਲੋਕਾਂ ਦੀ ਸਿਹਤ ਸੰਭਾਲ ਲਈ ਅਜਿਹੇ ਹੈਲਥ ਕੈਂਪਾਂ ਦਾ ਆਯੋਜਨ ਕਰਦਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸੁਵਿਧਾਵਾਂ ਸਤਿਕਾਰ ਹੈਲਥ ਸਕੀਮ ਹੇਠ ਵੀ ਉਪਲਬਧ ਹਨ, ਜਿਸ ਨਾਲ ਆਮ ਨਾਗਰਿਕਾਂ ਨੂੰ ਗੁਣਵੱਤਾ ਪੂਰਨ ਸਿਹਤ ਸੇਵਾਵਾਂ ਆਸਾਨੀ ਨਾਲ ਮਿਲ ਸਕਣ।

# ਗਾਇਕ ਡਾ. ਸਤਿੰਦਰ ਸਰਤਾਜ ਨੂੰ "ਹਿੰਦ ਦੀ ਚਾਦਰ" ਗੀਤ ਲਈ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤਾ ਗਿਆ ਸਨਮਾਨਿਤ



ਨਵੀਂ ਦਿੱਲੀ, 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਾਇਕ ਡਾ. ਸਤਿੰਦਰ ਸਰਤਾਜ ਨੂੰ ਉਹਨਾਂ ਦੇ ਗੀਤ "ਹਿੰਦ ਦੀ ਚਾਦਰ" ਲਈ ਸਨਮਾਨਿਤ ਕੀਤਾ ਗਿਆ। ਅੱਜ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਸਥਿਤ ਕਮੇਟੀ ਦੇ ਦਫ਼ਤਰ ਵਿੱਚ ਡਾ. ਸਰਤਾਜ ਦੇ ਆਗਮਨ ਉੱਤੇ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਧਰਮ ਪ੍ਰਚਾਰ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ, ਸਕੱਤਰ ਸਰਦਾਰ ਜੈਸਮੀਨ ਸਿੰਘ ਨੋਨੀ ਅਤੇ ਹੋਰ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਉਹਨਾਂ ਨੂੰ ਗੁਰਦੁਆਰਾ ਸ਼ੀਸ਼ ਗੰਜ ਸਾਹਿਬ ਦਾ ਮਾਡਲ, ਇਤਿਹਾਸਕ ਸਿੱਕਾ ਅਤੇ ਸਿਰੋਪਾ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸਰਦਾਰ ਹਰਮੀਤ ਸਿੰਘ ਕਾਲਕਾ, ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਗਾਇਕ ਵਜੋਂ ਡਾ. ਸਰਤਾਜ ਨੇ ਕਈ ਧਾਰਮਿਕ ਅਤੇ ਸਭਿਆਚਾਰਕ ਗੀਤ ਗਾਏ ਹਨ, ਪਰ ਗੁਰੂ ਤੇਗ ਬਹਾਦੁਰ ਜੀ ਦੀ ਸ਼ਹੀਦੀ ਦੇ 350ਵੇਂ ਸ਼ਹੀਦੀ ਦਿਵਸ ਉੱਤੇ ਉਹਨਾਂ ਵੱਲੋਂ ਗਾਇਆ ਗਿਆ "ਹਿੰਦ ਦੀ ਚਾਦਰ" ਗੀਤ ਉਹਨਾਂ ਦੇ ਗਾਇਨ ਜੀਵਨ ਦਾ ਮੀਲ ਪੱਥਰ ਸਾਬਤ ਹੋਵੇਗਾ। ਦੇਸ਼ ਤੇ ਵਿਦੇਸ਼ ਵਿੱਚ ਜਦ ਲੋਕ ਇਹ ਗੀਤ ਆਪਣੇ ਘਰਾਂ ਤੇ ਗੱਡੀਆਂ ਵਿੱਚ ਸੁਣਨਗੇ, ਉਹਨਾਂ ਨੂੰ ਗੁਰੂ ਜੀ ਦੀ ਅਦੁੱਤੀ ਸ਼ਹਾਦਤ ਦਾ ਪੂਰਾ ਇਤਿਹਾਸ ਪਤਾ ਲੱਗੇਗਾ। ਇਸ ਗੀਤ ਵਿੱਚ ਡਾ. ਸਰਤਾਜ ਨੇ ਗੁਰੂ ਤੇਗ ਬਹਾਦੁਰ ਜੀ ਦੇ ਬਚਪਨ ਤੋਂ ਲੈ ਕੇ ਉਹਨਾਂ ਦੇ "ਤੇਗ ਮਲ ਤੋਂ ਤੇਗ ਬਹਾਦੁਰ" ਬਣਨ ਤੱਕ ਦਾ ਸਫ਼ਰ, ਗੁਰਤਾ ਗੱਦੀ ਪ੍ਰਾਪਤ ਕਰਨਾ, ਕਸ਼ਮੀਰੀ ਪੰਡਤਾਂ ਦਾ ਗੁਰੂ ਜੀ ਕੋਲ ਫ਼ਰਿਆਦ ਲੈ ਕੇ ਆਉਣਾ, ਆਨੰਦਪੁਰ ਸਾਹਿਬ ਤੋਂ ਸ਼ਹੀਦੀ ਲਈ ਚੱਲ ਪੈਣਾ, ਆਗਰਾ ਵਿੱਚ ਗ੍ਰਿਫ਼ਤਾਰੀ, ਦਿੱਲੀ ਦੇ ਚਾਂਦਨੀ ਚੌਕ ਵਿੱਚ ਸ਼ਹਾਦਤ ਅਤੇ ਭਾਈ ਜੈਤਾ ਜੀ ਵੱਲੋਂ ਗੁਰੂ ਜੀ ਦਾ ਸੀਸ ਸ੍ਰੀ ਆਨੰਦਪੁਰ ਸਾਹਿਬ ਲੈ ਜਾ ਕੇ ਗੁਰੂ ਗੋਬਿੰਦ ਸਿੰਘ ਜੀ ਨੂੰ ਭੇਂਟ ਕਰਨਾ — ਇਹ ਸਾਰਾ ਇਤਿਹਾਸ ਕੁਝ ਹੀ ਮਿੰਟਾਂ ਦੇ ਗੀਤ ਵਿੱਚ ਬਿਆਨ ਕੀਤਾ ਹੈ। ਸਰਦਾਰ ਕਾਲਕਾ, ਕਾਹਲੋਂ ਅਤੇ ਕਰਮਸਰ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸ਼ਹੀਦੀ ਸ਼ਤਾਬਦੀ ਵਜੋਂ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਕਮੇਟੀ ਵੱਲੋਂ ਖ਼ਾਸ ਗੀਤ ਤਿਆਰ ਕਰਵਾਇਆ ਜਾ ਰਿਹਾ ਸੀ, ਪਰ ਡਾ. ਸਰਤਾਜ ਦਾ ਇਹ ਗੀਤ ਸੁਣਨ ਤੋਂ ਬਾਅਦ ਹੁਣ ਇਸੇ ਨੂੰ ਸ਼ਹੀਦੀ ਸ਼ਤਾਬਦੀ ਦਾ ਮੁੱਖ ਗੀਤ ਬਣਾਉਂਦੇ ਹੋਏ ਹਰ ਦੇਸ਼ਵਾਸੀ ਨੂੰ "ਹਿੰਦ ਦੀ ਚਾਦਰ" ਗੀਤ ਸੁਣਨ ਅਤੇ ਵੇਖਣ ਦੀ ਅਪੀਲ ਕੀਤੀ ਜਾਵੇਗੀ। ਅੱਜ ਦਿੱਲੀ ਆਉਣ ਤੇ ਕਮੇਟੀ ਵੱਲੋਂ ਡਾ. ਸਰਤਾਜ ਨੂੰ ਸਨਮਾਨਿਤ ਕੀਤਾ ਗਿਆ। ਡਾ. ਸਤਿੰਦਰ ਸਰਤਾਜ ਨੇ ਆਪਣੇ ਆਪ ਨੂੰ ਖੁਸ਼ਿਕਸਮਤ ਦੱਸਿਆ ਕਿ ਉਹਨਾਂ ਤੇ ਗੁਰੂ ਮਹਾਰਾਜ ਦੀ ਕਿਰਪਾ ਹੋਈ ਅਤੇ ਉਹਨਾਂ ਨੂੰ ਇਹ ਗੀਤ ਲਿਖਣ ਤੇ ਗਾਉਣ ਦਾ ਮੌਕਾ ਮਿਲਿਆ। ਉਹਨਾਂ ਕਿਹਾ ਕਿ ਆਮ ਤੌਰ 'ਤੇ ਉਹਨਾਂ ਦੇ ਸਾਰੇ ਗੀਤ ਪੰਜਾਬੀ ਵਿੱਚ ਹੁੰਦੇ ਹਨ, ਪਰ ਇਹ ਗੀਤ ਉਹਨਾਂ ਨੇ ਹਿੰਦੀ ਵਿੱਚ ਇਸ ਲਈ ਲਿਖਿਆ ਤਾਂ ਜੋ ਹਿੰਦੀ ਭਾਸ਼ਾ ਰਾਹੀਂ ਦੇਸ਼ ਦੇ ਹਰ ਰਾਜ ਅਤੇ ਹਰ ਘਰ ਤੱਕ ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ ਦੀ ਕਹਾਣੀ ਪਹੁੰਚ ਸਕੇ।